ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194895682124531/

https://youtu.be/LQwolgxDu7I

awazeqaumtvpunjab@gmail.com

ਵੀਰਵਾਰ, 3 ਅਕਤੂਬਰ 2024 (ਨਾਨਕਸ਼ਾਹੀ ਸੰਮਤ : ੫੫੬, ੧੮ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਚੰਡੀਗੜ੍ਹ ਦੇ ਸੈਕਟਰ 32 ਹਸਪਤਾਲ ਦੇ ਬਾਹਰ ਚੱਲੀਆਂ ਗੋਲੀਆਂ, ਮੱਚ ਗਈ ਹਾਹਾਕਾਰ, ਦੋ ਮੁੰਡੇ ਹੋਏ ਜ਼ਖਮੀ

**ਚੰਡੀਗੜ੍ਹ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਤੋਂ ਹੈਰਾਨ ਕਰਨ ਵਾਲਾ ਮਾਮਲਾ ਸਾਹਮਣੇ ਆਇਆ ਹੈ। ਜਿੱਥੇ ਸੈਕਟਰ 32 ਹਸਪਤਾਲ ਦੇ ਬਾਹਰ ਗੋਲੀਆਂ ਚੱਲਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਹਾਦਸੇ ਤੋਂ ਬਾਅਦ ਇਲਾਕੇ ਦੇ ਵਿੱਚ ਦਹਿਸ਼ਤ ਦਾ ਮਾਹੌਲ ਬਣਿਆ ਪਿਆ ਹੈ। ਦੱਸਿਆ ਜਾ ਰਿਹਾ ਹੈ ਕਿ ਇਸ ਹਾਦਸੇ ਦੇ ਵਿੱਚ ਦੋ ਨੌਜਵਾਨ ਜ਼ਖਮੀ ਹੋਏ ਹਨ। ਜ਼ਖਮੀ ਹੋਏ ਦੋਨਾਂ ਨੌਜਵਾਨਾਂ ਦੇ ਨਾਮ ਹਨੀ ਅਤੇ ਰਾਜੇਸ਼ ਦੱਸੇ ਜਾ ਰਹੇ ਹਨ। ਮਿਲੀ ਜਾਣਕਾਰੀ ਅਨੁਸਾਰ ਇੱਕ ਦੇ ਹੱਥ ਵਿੱਚ ਅਤੇ ਦੂਜੇ ਨੂੰ ਗਰਦਨ ਵਿੱਚ ਗੋਲੀ ਮਾਰੀ ਗਈ ਹੈ। ਇਹ ਮਾਮਲਾ ਮੰਗਲਵਾਰ ਦੇਰ ਸ਼ਾਮ ਦਾ ਦੱਸਿਆ ਜਾ ਰਿਹਾ ਹੈ। ਗੋਲੀਬਾਰੀ ਦੇ ਵਿੱਚ ਜ਼ਖਮੀ ਹੋਏ ਦੋਵਾਂ ਨੌਜਵਾਨਾਂ ਨੂੰ ਇਲਾਜ ਲਈ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਨੌਜਵਾਨ ਦੇ ਹੱਥ ਅਤੇ ਗਰਦਨ ਨੇੜੇ ਗੋਲੀਆਂ ਲੱਗੀਆਂ ਹਨ। ਜਾਣਕਾਰੀ ਮੁਤਾਬਕ ਘਟਨਾ ਤੋਂ ਤੁਰੰਤ ਬਾਅਦ ਦੋਵਾਂ ਨੌਜਵਾਨਾਂ ਨੂੰ ਹਸਪਤਾਲ 'ਚ ਭਰਤੀ ਕਰਵਾਇਆ ਗਿਆ, ਜਦਕਿ ਸੀਨੀਅਰ ਅਧਿਕਾਰੀ ਮੌਕੇ 'ਤੇ ਪਹੁੰਚ ਗਏ। ਫਿਲਹਾਲ ਦੋਵਾਂ ਨੌਜਵਾਨਾਂ ਦੀ ਪਛਾਣ ਹਨੀ ਅਤੇ ਰਾਜੇਸ਼ ਵਜੋਂ ਹੋਈ ਹੈ। ਗੋਲੀ ਚਲਾਉਣ ਵਾਲਾ ਦੋਸ਼ੀ ਘਟਨਾ ਤੋਂ ਬਾਅਦ ਮੌਕੇ ਤੋਂ ਫਰਾਰ ਹੋ ਗਿਆ। ਡੀਐਸਪੀ ਜਸਵਿੰਦਰ ਸਿੰਘ ਨੇ ਦੱਸਿਆ ਕਿ ਸਾਨੂੰ ਸੂਚਨਾ ਮਿਲੀ ਸੀ ਕਿ ਗੋਲੀਬਾਰੀ ਕੀਤੀ ਗਈ ਹੈ। ਦੋ ਨੌਜਵਾਨਾਂ ਨੂੰ ਗੋਲੀ ਲੱਗੀ ਹੈ। ਇਕ ਗੋਲੀ ਉਸ ਦੇ ਹੱਥ 'ਤੇ ਅਤੇ ਦੂਜੀ ਉਸ ਦੀ ਗਰਦਨ 'ਤੇ ਲੱਗੀ। ਹਾਲਾਂਕਿ, ਦੋਵੇਂ ਸਥਿਰ ਹਨ ਅਤੇ 32 ਹਸਪਤਾਲ ਵਿੱਚ ਜ਼ੇਰੇ ਇਲਾਜ ਹਨ।

## ਕੱਚੇ ਤੇਲ ਦੀਆਂ ਕੀਮਤਾਂ 'ਚ ਆਇਆ ਭਾਰੀ ਉਛਾਲ

# ਈਰਾਨ-ਇਜ਼ਰਾਈਲ ਜੰਗ ਦਾ ਦੁਨੀਆ ਭਰ 'ਚ ਸੇਕ !

**ਨਵੀਂ ਦਿੱਲੀ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਇਜ਼ਰਾਈਲ ਅਤੇ ਈਰਾਨ (ਇਰਾਨ-ਇਜ਼ਰਾਈਲ ਟਕਰਾਅ) ਵਿਚਾਲੇ ਵਧਦੇ ਤਣਾਅ ਕਾਰਨ ਦੁਨੀਆ 'ਚ ਚਿੰਤਾ ਵਧ ਰਹੀ ਹੈ ਅਤੇ ਇਸ ਦੇ ਨਾਲ ਹੀ ਗਲੋਬਲ ਬਾਜ਼ਾਰ ਵੀ ਦਹਿਸ਼ਤ 'ਚ ਆ ਗਏ ਹਨ। ਈਰਾਨ ਨੇ ਕਰੀਬ 180 ਮਿਜ਼ਾਈਲਾਂ ਦਾਗ ਕੇ ਇਜ਼ਰਾਈਲ 'ਤੇ ਜ਼ਬਰਦਸਤ ਹਮਲਾ ਕੀਤਾ ਹੈ, ਜਿਸ ਤੋਂ ਬਾਅਦ ਤਣਾਅ ਹੋਰ ਵਧ ਗਿਆ ਹੈ। ਇਜ਼ਰਾਇਲੀ ਫੌਜ ਨੇ ਵੀ ਜਵਾਬੀ ਹਮਲੇ ਲਈ ਪੂਰੀ ਤਰ੍ਹਾਂ ਤਿਆਰ ਹੋਣ ਦਾ ਦਾਅਵਾ ਕੀਤਾ ਹੈ। ਦੋਹਾਂ ਦੇਸ਼ਾਂ 'ਚ ਵਧਦੇ ਤਣਾਅ ਦਾ ਅਸਰ ਸਭ ਤੋਂ ਪਹਿਲਾਂ ਕੱਚੇ ਤੇਲ ਦੀਆਂ ਕੀਮਤਾਂ 'ਤੇ ਦੇਖਣ ਨੂੰ ਮਿਲਿਆ ਹੈ ਅਤੇ ਕੱਚੇ ਤੇਲ ਦੀਆਂ ਕੀਮਤਾਂ 'ਚ ਇਕ ਵਾਰ



'ਚ 5 ਫੀਸਦੀ ਦਾ ਵਾਧਾ ਹੋਇਆ ਹੈ। ਸਭ ਤੋਂ ਪਹਿਲਾਂ ਈਰਾਨ-ਇਜ਼ਰਾਈਲ ਟਕਰਾਅ ਦੀ ਤਾਜ਼ਾ ਸਥਿਤੀ ਬਾਰੇ ਦੱਸ ਦੇਈਏ ਕਿ ਇਜ਼ਰਾਇਲੀ ਫੌਜ ਨੇ ਦੱਸਿਆ ਹੈ ਕਿ ਈਰਾਨ ਨੇ ਬੈਲਿਸਟਿਕ ਮਿਜ਼ਾਈਲ ਨਾਲ ਹਮਲਾ ਕੀਤਾ ਹੈ ਅਤੇ ਹੁਣ ਅਸੀਂ ਈਰਾਨ ਦੇ ਹਮਲੇ ਦਾ ਜਵਾਬ ਦੇਵਾਂਗੇ, ਸਾਡੀ ਯੋਜਨਾ ਤਿਆਰ ਹੈ, ਪਰ ਸਮਾਂ ਅਤੇ ਥਾਂ ਅਸੀਂ ਚੁਣਾਂਗੇ। ਰਿਪੋਰਟਾਂ ਮੁਤਾਬਕ ਈਰਾਨ ਵੱਲੋਂ ਇਜ਼ਰਾਈਲ 'ਤੇ 180 ਤੋਂ ਵੱਧ ਮਿਜ਼ਾਈਲਾਂ ਦਾਗੀਆਂ ਗਈਆਂ ਹਨ। ਇਹ ਮਿਜ਼ਾਈਲ ਹਮਲਾ ਮੰਗਲਵਾਰ ਰਾਤ ਨੂੰ ਕੀਤਾ ਗਿਆ ਅਤੇ ਇਸ ਨੇ ਪੂਰੀ ਦੁਨੀਆ 'ਚ ਹਲਚਲ ਮਚਾ ਦਿੱਤੀ ਹੈ। ਇਸ ਤੋਂ ਇਲਾਵਾ ਇਜ਼ਰਾਈਲ ਦੀ ਰਾਜਧਾਨੀ ਤੇਲ ਅਵੀਵ ਨੇੜੇ ਜਾਫਾ 'ਚ ਗੋਲੀਬਾਰੀ ਦੀ ਘਟਨਾ ਸਾਹਮਣੇ ਆਈ ਹੈ, ਜਿਸ 'ਚ 8 ਲੋਕਾਂ ਦੇ ਜ਼ਖਮੀ ਹੋਣ ਦਾ ਦਾਅਵਾ ਕੀਤਾ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ ਈਰਾਨ, ਜੋ ਕਿ ਓਪੇਕ ਦਾ ਮੈਂਬਰ ਹੈ ਅਤੇ ਇਸ ਤੇਲ ਖੇਤਰ ਦਾ ਸਭ ਤੋਂ ਵੱਡਾ ਖਿਡਾਰੀ ਮੰਨਿਆ ਜਾਂਦਾ ਹੈ। ਕੱਚੇ ਤੇਲ ਦੇ ਖੇਤਰ ਵਿੱਚ ਇਸ ਦੀ ਸ਼ਮੂਲੀਅਤ ਨਾਲ ਤੇਲ ਸਪਲਾਈ ਲੜੀ 'ਚ ਵਿਘਨ ਪੈਣ ਦਾ ਡਰ ਵਧ ਗਿਆ ਹੈ। ਇਸ ਦਾ ਅਸਰ ਇਸ ਲਈ ਵੀ ਦਿਖਾਈ ਦੇ ਰਿਹਾ ਹੈ, ਕਿਉਂਕਿ ਈਰਾਨ ਦੁਨੀਆ ਦੇ ਤੇਲ ਦੀ ਸਪਲਾਈ ਦਾ ਇਕ ਤਿਹਾਈ ਹਿੱਸਾ ਸਪਲਾਈ ਕਰਦਾ ਹੈ।


## ਸ੍ਰੀ ਅਕਾਲ ਤਖ਼ਤ ਸਾਹਿਬ ਸਪੱਸ਼ਟੀਕਰਨ ਦੇਣ ਪਹੁੰਚੀ ਬੀਬੀ ਜਗੀਰ ਕੌਰ

**ਅੰਮ੍ਰਿਤਸਰ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਕਮੇਟੀ ਦੀ ਪ੍ਰਧਾਨ ਬੀਬੀ ਜਗੀਰ ਕੌਰ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਪਹੁੰਚੇ, ਜਿੱਥੇ ਉਨ੍ਹਾਂ ਵੱਲੋਂ ਰੋਮਾਂ ਦੀ ਬੇਅਦਬੀ ਅਤੇ ਬੇਟੀ ਦੇ ਕਤਲ 'ਤੇ ਸਪਸ਼ਟੀਕਰਨ ਦਿੱਤਾ ਗਿਆ। ਸਪੱਸ਼ਟੀਕਰਨ ਦੇਣ ਮਗਰੋਂ ਮੀਡੀਆ ਨਾਲ ਗੱਲਬਾਤ ਦੌਰਾਨ ਵੱਡਾ ਬਿਆਨ ਦਿੰਦੇ ਹੋਏ ਬੀਬੀ ਜਗੀਰ ਕੌਰ ਨੇ ਕਿਹਾ ਕਿ ਮੈਨੂੰ ਅਫ਼ਸੋਸ ਹੈ ਕਿ ਮਹਾਨ ਤਖ਼ਤ 'ਤੇ ਹੁਣ ਅਜਿਹੇ ਮਸਲੇ ਵੀ ਆਉਣ ਲੱਗੇ ਹਨ। ਉਨ੍ਹਾਂ ਕਿਹਾ ਕਿ ਮੇਰੇ 'ਤੇ ਧੀ ਦਾ ਕੇਸ ਬਿਲਕੁਲ ਝੂਠਾ ਸੀ। ਮੇਰੇ ਖ਼ਿਲਾਫ਼ ਝੂਠੀ ਸ਼ਿਕਾਇਤ ਦਰਜ ਕਰਵਾਈ ਗਈ ਹੈ। ਮੈਂ ਪਿਛਲੇ 40 ਸਾਲਾਂ ਤੋਂ ਪੰਥ ਦੀ ਸੇਵਾ ਕਰ ਰਹੀ ਹਾਂ। ਮੈਂ ਹਮੇਸ਼ਾ ਗੁਰੂ ਗ੍ਰੰਥ ਸਾਹਿਬ ਜੀ ਸ਼ਰਨ ਵਿਚ ਰਹੀ ਹੈ ਅਤੇ ਹਮੇਸ਼ਾ ਗੁਰੂ ਦਾ ਸਹਾਰਾ ਲੈ ਕੇ ਲੋਕਾਂ ਦੀ ਸੇਵਾ ਕੀਤਾ ਹੈ। ਮੈਨੂੰ ਅਫ਼ਸੋਸ ਹੈ ਕਿ ਮਹਾਨ ਤਖ਼ਤ ਦੀ ਮਰਿਆਦਾ ਨੂੰ ਢਾਹ ਲੱਗੀ ਹੈ। ਦੱਸਣਯੋਗ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੇ ਸ਼੍ਰੋਮਣੀ ਕਮੇਟੀ ਦੀ ਬੀਬੀ ਜਗੀਰ ਕੌਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋ ਕੇ ਆਪਣਾ ਸਪੱਸ਼ਟੀਕਰਨ ਦੇਣ ਲਈ ਕਿਹਾ ਸੀ ਬੀਬੀ ਜਗੀਰ ਕੌਰ ਨੂੰ ਭੇਜੇ ਪੱਤਰ ਵਿੱਚ ਦੱਸਿਆ ਗਿਆ



ਗਿਆ ਸੀ ਕਿ ਉਨ੍ਹਾਂ ਵਿਰੁੱਧ ਕਈ ਸ਼ਿਕਾਇਤਾਂ ਮਿਲੀਆਂ ਹਨ। ਉਨ੍ਹਾਂ 'ਤੇ ਆਪਣੇ ਰੋਮ ਕਤਲ ਕਰਨ (ਕੇਸਾਂ ਦੀ ਬੇਅਦਬੀ) ਅਤੇ ਆਪਣੀ ਧੀ ਦੇ ਕਤਲ ਦੇ ਦੋਸ਼ ਵੀ ਹਨ। ਇਸ ਲਈ ਉਨ੍ਹਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੇਸ਼ ਹੋ ਕੇ ਸਪਸ਼ਟੀਕਰਨ ਦੇਣ ਲਈ ਕਿਹਾ ਸੀ। ਜ਼ਿਕਰਯੋਗ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸੁਖਬੀਰ ਬਾਦਲ ਖ਼ਿਲਾਫ਼ ਹੁਣ ਤੱਕ ਹੋਈ ਕਾਰਵਾਈ ਤੋਂ ਬਾਅਦ ਜਿੱਥੇ ਸਾਰੇ ਸਾਬਕਾ ਮੰਤਰੀਆਂ ਨੂੰ ਸਪੱਸ਼ਟੀਕਰਨ ਦੇਣ ਲਈ ਕਿਹਾ ਗਿਆ ਸੀ, ਉਥੇ ਹੀ ਅਕਾਲੀ ਦਲ ਨਾਲ ਜੁੜੇ ਕਈ ਵੱਡੇ ਆਗੂਆਂ ਖ਼ਿਲਾਫ਼ ਅਕਾਲ ਤਖ਼ਤ ਸਾਹਿਬ ਵਿਖੇ ਲਗਾਤਾਰ ਸ਼ਿਕਾਇਤਾਂ ਮਿਲ ਰਹੀਆਂ ਹਨ। ਕੁਝ ਦਿਨ ਪਹਿਲਾਂ ਬੀਬੀ ਜਗੀਰ ਕੌਰ ਬਾਰੇ ਲਿਖ਼ਤੀ ਸ਼ਿਕਾਇਤ ਵੀ ਕੀਤੀ ਗਈ ਸੀ।

## ਪੁਣੇ 'ਚ ਹੈਲੀਕਾਪਟਰ ਹੋਇਆ ਕ੍ਰੈਸ਼, 3 ਲੋਕਾਂ ਦੀ ਮੌਤ



**ਪੁਣੇ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮਹਾਰਾਸ਼ਟਰ ਦੇ ਪੁਣੇ 'ਚ ਹੈਲੀਕਾਪਟਰ ਕਰੈਸ਼ ਹੋ ਗਿਆ ਹੈ। ਬਾਵਧਨ ਬੁਦਰੁਕ ਪਿੰਡ ਨੇੜੇ ਇੱਕ ਹੈਲੀਕਾਪਟਰ ਹਾਦਸਾਗ੍ਰਸਤ ਹੋ ਗਿਆ ਹੈ। ਇਸ ਹਾਦਸੇ 'ਚ 3 ਲੋਕਾਂ ਦੀ ਮੌਤ ਹੋ ਗਈ ਹੈ। ਪਿੰਡ ਵਾਸੀਆਂ ਨੇ ਹਿੰਜੇਵਾੜੀ ਪੁਲਿਸ ਕੰਟਰੋਲ ਰੂਮ ਨੂੰ ਸੂਚਨਾ ਦਿੱਤੀ। ਪੁਲਿਸ ਅਤੇ ਮੈਡੀਕਲ ਟੀਮ ਨੂੰ ਰਵਾਨਾ ਕਰ ਦਿੱਤਾ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਆਕਸਫੋਰਡ ਗੋਲਫ ਕਲੱਬ ਦੇ ਹੈਲੀਪੈਡ ਤੋਂ ਉਡਾਣ ਭਰਨ ਤੋਂ ਤੁਰੰਤ ਬਾਅਦ ਹੈਲੀਕਾਪਟਰ ਕਰੈਸ਼ ਹੋ ਗਿਆ। ਇਹ ਘਟਨਾ ਸਵੇਰੇ 7:00 ਵਜੇ ਤੋਂ 7:10 ਵਜੇ ਦਰਮਿਆਨ ਵਾਪਰੀ। ਇਸ ਇਲਾਕੇ ਵਿੱਚ ਸੰਘਣੀ ਧੁੰਦ ਕਾਰਨ ਹਾਦਸਾ ਵਾਪਰਨ ਦਾ ਖ਼ਦਸ਼ਾ ਹੈ। ਹਾਲਾਂਕਿ ਹਾਦਸੇ ਦੀ ਸਹੀ ਜਾਣਕਾਰੀ ਲੈਣ ਲਈ ਅਧਿਕਾਰਤ ਜਾਂਚ ਜਾਰੀ ਹੈ। ਐਮਰਜੈਂਸੀ ਸੇਵਾਵਾਂ ਮੌਕੇ 'ਤੇ ਪਹੁੰਚ ਗਈਆਂ ਹਨ ਅਤੇ ਬਚਾਅ ਕਾਰਜ ਜਾਰੀ ਹਨ। ਹਿੰਜੇਵਾੜੀ ਪੁਲਿਸ ਸਟੇਸ਼ਨ (ਪਿੰਪਰੀ ਚਿੰਚਵੜ ਪੁਲਿਸ) ਅਤੇ ਹਵਾਬਾਜ਼ੀ ਅਧਿਕਾਰੀ ਮੌਕੇ 'ਤੇ ਪਹੁੰਚ ਗਏ ਹਨ। ਇਸ ਤੋਂ ਪਹਿਲਾਂ ਅਗਸਤ ਮਹੀਨੇ ਵਿੱਚ ਵੀ ਪੁਣੇ ਵਿੱਚ ਹੈਲੀਕਾਪਟਰ ਹਾਦਸਾਗ੍ਰਸਤ ਹੋਣ ਦੀ ਘਟਨਾ ਸਾਹਮਣੇ ਆਈ ਸੀ। ਜਿਸ ਵਿਚ ਚਾਰ ਲੋਕ ਜ਼ਖਮੀ ਹੋ ਗਏ ਸਨ। ਹੈਲੀਕਾਪਟਰ ਨੇ ਮੁੰਬਈ ਦੇ ਜੁਹੂ ਤੋਂ ਹੈਦਰਾਬਾਦ ਵੱਲ ਉਡਾਣ ਭਰੀ। ਇਸ ਦੌਰਾਨ ਖਰਾਬ ਮੌਸਮ ਅਤੇ ਤਕਨੀਕੀ ਖਰਾਬੀ ਕਾਰਨ ਪੁਣੇ ਦੇ ਪੌਡ ਇਲਾਕੇ 'ਚ ਹੈਲੀਕਾਪਟਰ ਹਾਦਸੇ ਦਾ ਸ਼ਿਕਾਰ ਹੋ ਗਿਆ। ਹਾਦਸੇ ਦਾ ਸ਼ਿਕਾਰ ਹੋਇਆ ਹੈਲੀਕਾਪਟਰ ਨਿੱਜੀ ਕੰਪਨੀ ਗਲੋਬਲ ਵੈਕਟਰਾ ਹੈਲੀਕਾਰਪ ਦਾ ਸੀ। ਇਸ ਹੈਲੀਕਾਪਟਰ ਦੀ ਵਰਤੋਂ ਛੋਟੀ ਦੂਰੀ ਦੀ ਯਾਤਰਾ ਲਈ ਕੀਤੀ ਜਾਂਦੀ ਸੀ। ਹਾਦਸੇ ਕਾਰਨ ਹੈਲੀਕਾਪਟਰ ਬੁਰੀ ਤਰ੍ਹਾਂ ਨੁਕਸਾਨਿਆ ਗਿਆ। ਹੈਲੀਕਾਪਟਰ ਦੇ ਕਰੈਸ਼ ਹੋਣ ਤੋਂ ਬਾਅਦ ਇਸ ਵਿੱਚ ਵੀ ਅੱਗ ਲੱਗ ਗਈ। ਹੈਲੀਕਾਪਟਰ ਉਥੇ ਹੀ ਚਕਨਾਚੂਰ ਹੋ ਗਿਆ। ਇਸ ਹੈਲੀਕਾਪਟਰ ਨੂੰ ਪਾਇਲਟ ਆਨੰਦ ਚਲਾ ਰਹੇ ਸਨ। ਇਸ ਹਾਦਸੇ 'ਚ ਪਾਇਲਟ ਸਮੇਤ ਚਾਰ ਲੋਕ ਗੰਭੀਰ ਜ਼ਖਮੀ ਹੋ ਗਏ। ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ। ਹਾਦਸੇ ਨਾਲ ਇਲਾਕੇ 'ਚ ਸਨਸਨੀ ਫੈਲ ਗਈ। ਘਟਨਾ ਵਾਲੀ ਥਾਂ ਨੇੜੇ ਸਥਾਨਕ ਲੋਕ ਇਕੱਠੇ ਹੋ ਗਏ। ਇਸ ਦੌਰਾਨ ਪ੍ਰਸ਼ਾਸਨ ਨੇ ਸਮੂਹ ਲੋਕਾਂ ਨੂੰ ਸ਼ਾਂਤੀ ਬਣਾਈ ਰੱਖਣ ਅਤੇ ਰਾਹਤ ਕਾਰਜਾਂ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ।

## ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਦੀ ਸਾਜ਼ਿਸ਼ ਰਚਣ ਵਾਲੇ

# ਚਾਰ ਦੋਸ਼ੀਆਂ ਨੂੰ ਕੈਨੇਡਾ ਦੀ ਅਦਾਲਤ ਵਿਚ ਪੇਸ਼ ਨਹੀਂ ਕੀਤਾ ਗਿਆ




**ਨਵੀਂ ਦਿੱਲੀ, 2 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਸਰੀ ਕੈਨੇਡਾ ਦੀ ਸੂਬਾਈ ਅਦਾਲਤ ਵਿੱਚ ਬੀਤੇ ਦਿਨ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੇ ਚਾਰ ਭਾਰਤੀ ਨਾਗਰਿਕ ਫਸਟ ਡਿਗਰੀ ਕਤਲ ਅਤੇ ਕਤਲ ਦੀ ਸਾਜ਼ਿਸ਼ ਰਚਣ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਹਨ, ਜਿਨ੍ਹਾਂ ਦੇ ਨਾਮ ਕਰਨ ਬਰਾੜ, ਕਰਨਪ੍ਰੀਤ, ਕਮਲਪ੍ਰੀਤ ਅਤੇ ਅਮਨਦੀਪ ਹਨ, ਨੂੰ ਅਦਾਲਤ ਵਿੱਚ ਪੇਸ਼ ਨਹੀਂ ਕੀਤਾ ਗਿਆ, ਸਰਕਾਰੀ ਵਕੀਲਾ ਨੇ ਕਤਲ ਕੇਸ ਨਾਲ ਸੰਬੰਧਿਤ ਕਾਗਜ ਪੱਤਰਾਂ ਅਤੇ ਹੋਰ ਸਬੂਤ ਇਕੱਠੇ ਕਰਨ ਦੀ ਤਿਆਰੀ ਲਈ ਅਦਾਲਤ ਕੋਲੋਂ ਹੋਰ ਸਮਾਂ ਮੰਗਿਆ ਜੱਜ ਸਾਹਿਬ ਨੇ ਵਕੀਲਾਂ ਦੀ ਦਰਖਵਾਸਤ ਤੇ ਅਦਾਲਤ ਦੀ ਅਗਲੀ ਕਾਰਵਾਈ 21 ਨਵੰਬਰ 2024 ਨੂੰ ਪਾ ਦਿੱਤੀ ਗਈ। ਇਹਨਾਂ ਭਾਰਤੀ ਭਾੜੇ ਦੇ ਕਾਤਲਾਂ ਦੀ ਪੇਸ਼ੀ ਦੌਰਾਨ ਸਰੀ ਵੈਨਕੋਵਰ ਦੀਆਂ ਸਿੱਖ ਸੰਗਤਾਂ ਦਾ ਵੱਡਾ ਇਕੱਠ ਅਦਾਲਤ ਦੇ ਅੰਦਰ ਅਤੇ ਬਾਹਰ ਮੌਜੂਦ ਸੀ, ਜਿਨ੍ਹਾਂ ਨੇ ਵੱਡੇ ਵੱਡੇ ਬੈਨਰ ਜਿਨਾਂ ਉੱਪਰ ਕੈਨੇਡਾ ਦੇ ਐਮਪੀ ਚੰਦਰਾ ਆਰੀਆ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਜੈਸ਼ੰਕਰ, ਮਨੀਸ਼ ਦੀਆਂ ਤਸਵੀਰਾਂ ਲੱਗੀਆਂ ਹੋਈਆਂ ਸਨ, ਜੋ ਇਹ ਦਰਸਾਉਂਦੀਆਂ ਸਨ ਕਿ ਭਾਈ ਹਰਦੀਪ ਸਿੰਘ ਨਿੱਝਰ ਦੇ ਅਸਲੀ ਕਾਤਲ ਭਾਰਤ ਦੇ ਸੱਤਾਧਾਰੀ ਰਾਜਨੀਤਿਕ ਲੋਕ ਹਨ ਅਤੇ ਸਿੱਖ ਸੰਗਤਾਂ ਦੇ ਹੱਥਾਂ ਵਿੱਚ ਖਾਲਸਾਈ ਨਿਸ਼ਾਨ ਸਾਹਿਬ ਫੜੇ ਹੋਏ ਸਨ, ਨੌਜਵਾਨਾਂ ਵੱਲੋਂ ਭਾਈ ਹਰਦੀਪ ਸਿੰਘ ਨਿੱਝਰ ਜਿੰਦਾਬਾਦ, ਨਿੱਝਰ ਤੇਰੀ ਸੋਚ ਤੇ ਪਹਿਰਾ ਦਿਆਂਗੇ ਠੋਕ ਕੇ, ਪੰਜਾਬ ਦੀ ਆਜ਼ਾਦੀ ਤੇ ਪਹਿਰਾ ਦਿਆਂਗੇ ਠੋਕ ਕੇ, ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ ਲਗਾਏ ਗਏ। ਭਾਈ ਮੋਨਿੰਦਰ ਸਿੰਘ ਨੇ ਖਦਸ਼ਾ ਜ਼ਾਹਿਰ ਕਰਦਿਆਂ ਕਿਹਾ ਕਿ ਕੋਈ ਵੀ ਸਿਆਸਤਦਾਨ ਜੋ ਭਾਰਤ ਪ੍ਰਤੀ ਬਾਹਰੀ ਤੌਰ 'ਤੇ ਪਿਆਰ ਦਿਖਾ ਰਿਹਾ ਹੈ - ਲੋਕਾਂ ਦੀ ਨਜ਼ਰ ਵਿੱਚ ਉਨ੍ਹਾਂ ਦਾ ਬਚਾਅ ਕਰਨਾ ਉਹੀ ਲੋਕ ਹਨ ਜਿਨ੍ਹਾਂ ਬਾਰੇ ਅਸੀਂ ਚਿੰਤਤ ਹਾਂ। ਭਾਰਤ ਕੈਨੇਡਾ ਦਾ ਇੱਕ ਭਾਈਵਾਲ ਹੈ। ਅਸੀਂ ਇਹ ਸਭ ਸਮਝਦੇ ਹਾਂ, ਪਰ ਇਹ ਨਹੀਂ ਹੋ ਸਕਦਾ ਕਿ ਤੁਸੀਂ ਇੱਥੇ ਕੈਨੇਡੀਅਨ ਨਾਗਰਿਕਾਂ ਅਤੇ ਕੈਨੇਡੀਅਨ ਸਿੱਖਾਂ ਦੇ ਜਾਨੀ ਨੁਕਸਾਨ ਜਾਂ ਖੂਨ-ਖਰਾਬੇ ਵਿੱਚ ਭਾਈਵਾਲ ਬਣੋ। ਇਸ ਮੌਕੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਸਰੀ ਦੇ ਸੇਵਾਦਾਰਾਂ ਦੇ ਨਾਲ ਭਾਈ ਗੁਰਮੀਤ ਸਿੰਘ ਤੂਰ, ਭਾਈ ਭੁਪਿੰਦਰ ਸਿੰਘ ਹੋਠੀ, ਭਾਈ ਨਰਿੰਦਰ ਸਿੰਘ ਖਾਲਸਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਗੁਰਭੇਜ ਸਿੰਘ, ਭਾਈ ਗੁਰਮੀਤ ਸਿੰਘ ਗਿੱਲ ਅਤੇ ਬੀਬੀ ਪਰਮਿੰਦਰ ਕੌਰ ਸਮੇਤ ਵਡੀ ਗਿਣਤੀ ਅੰਦਰ ਪੰਥਦਰਦੀ ਪਹੁੰਚੇ ਹੋਏ ਸਨ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**


## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਨਾਮ ਜਪੋ / ਕਿਰਤ ਕਰੋ / ਵੰਡ ਛਕੋ
Naam Japo / Kirat Karo / Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
Enjoy Real Taste of PUNJAB
PURE AND NATURAL 100% VEGETARIAN
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.
Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad
V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi
ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼
www.damdamitaksal.net
ਮੁਕਤਾ | ਕੰਨਾ | ਸਿਹਾਰੀ | ਬਿਹਾਰੀ
ਔਂਕੜ | ਦੁਲੈਂਕੜ | ਲਾਂ | ਦੁਲਾਵਾਂ
ਹੋੜਾ | ਕਨੌੜਾ | ਟਿੱਪੀ | ਕੰਨਾ-ਬਿੰਦੀ
www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write PUNJABI



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
☬ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote







Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**

# HAYES PLANT HIRE

## WE TRAIN YOU GAIN

NPORS ACCREDITED


Telescopic Handler


Excavator 360


Road Roller


Forward Tipping Dumper


Tractor


Dozer

Plant Training and Testing on All CATEGORIES OF **MACHINERY.**


Dump Truck

# HAYES PLANT HIRE

ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ

NROPS Accredited

## ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

## CONTACT- 07831543004

Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

CALL US TO BOOK YOUR CSCS LEVEL ONE COURSE.

## 077151-28621




# • ਪੁਰਜ਼ੋਰ ਅਪੀਲ •

ਦੇਸ਼ ਵਿਦੇਸ਼ ਵਿੱਚ ਵੱਸਦੀ ਸਮੂਹ ਸਿੱਖ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਭਾਰਤੀ ਹਕੂਮਤ ਦੇ ਹੁਕਮਾਂ ਤੇ ਸਿੱਖਾਂ ਦੇ ਪਾਵਨ ਪਵਿੱਤਰ ਅਸਥਾਨ ਸਾਹਿਬ ਸ੍ਰੀ ਹਰਿਮੰਦਰ ਸਾਹਿਬ ਤੇ ਧਾੜਵੀ ਬਣਕੇ ਆਕੇ ਟੈਂਕਾਂ ਤੋਪਾਂ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ ਢੇਰੀ ਕਰਨ ਵਾਲੇ ਜਰਨਲ ਵੈਦਿਆ ਨੂੰ ਸੋਧਾ ਲਾਕੇ ਸਿੱਖ ਕੌਮ ਦੀ ਡਿੱਗੀ ਪੱਗ ਸਿਰ ਤੇ ਰੱਖਣ ਵਾਲੇ ਸੂਰਬੀਰ ਯੋਧੇ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ ਜੀ ਦੀ 32ਵੀਂ ਬਰਸੀ ਉਹਨਾਂ ਦੇ ਜੱਦੀ ਪਿੰਡ ਗੱਦਲੀ, ਜਿਲਾ ਅੰਮ੍ਰਿਤਸਰ ਵਿਖੇ 9 ਅਕਤੂਬਰ 2024 ਨੂੰ ਮਨਾਈ ਜਾ ਰਹੀ ਹੈ। ਆਪ ਸਭ ਨੇ ਆਪਣੇਂ ਕੀਮਤੀ ਰੁਝੇਵਿਆਂ ਚੋਂ ਸਮਾਂ ਕੱਢ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਬੇਨਤੀ ਕਰਤਾ :-

## ਭਾਈ ਭੁਪਿੰਦਰ ਸਿੰਘ ਗੱਦਲੀ


**(ਭਰਾਤਾ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ)**


DHAN DHAN SRI GURU NANAK DEV JI'S
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 3 NOV 2024
GURDWARA GURU HAR RAI SAHIB JI START 9.00AM
George Street, West Bromwich
GURU NANAK GURDWARA 11.00AM
Edward Street, West Bromwich
GURDWARA AMRIT PARCHAR DHARMIK DIWAN 1.00PM
Birmingham Road, Oldbury
GURDWARA GURU MANEYO GRANTH 2.00PM
Popes Lane, Oldbury
GURDWARA BABA SANG 3.15PM
St Paul's Road, Smethwick
GURU NANAK GURDWARA SMETHWICK 4.00pm FINISH
High Street, Smethwick
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਅਰੰਭਤਾ: ੯.00 ਵਜੇ
ਜੋਰਜ ਸਟਰੀਟ ਵੈਸਟ ਬ੍ਰਮਵਿਚ
ਗੁਰੂ ਨਾਨਕ ਗੁਰਦੁਆਰਾ, ੧੧.00 ਵਜੇ
ਏਡਵਰਡ ਸਟਰੀਟ ਵੈਸਟ ਬ੍ਰਮਵਿਚ
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ੧.00 ਵਜੇ
ਬ੍ਰਮਿੰਘਮ ਰੋਡ, ਓਲਡਬਰੀ
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ੨.00 ਵਜੇ
ਪੋਪਸ ਲੇਨ, ਓਲਦਬਰੀ
ਗੁਰਦੁਆਰਾ ਬਾਬਾ ਸੰਗ ਜੀ ੩.੧੫ ਵਜੇ
ਸਟ. ਪੌਲਜ਼ ਰੋਡ, ਸਮੈਦਿਕ
ਗੁਰੂ ਨਾਨਕ ਗੁਰਦੁਆਰਾ ਸਮਾਪਤੀ: ੪.00 ਵਜੇ
ਸਮੈਦਿਕ
ਆਵਾਜ਼ਿ ਕੌਮ AWAZE QAUM
International Newspaper & WEB TV
GURU HAR RAI GURDWARA SAHIB - 0121 553 7219
GURU NANAK GURDWARA SMETHWICK - 0121 558 2527
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
GURU NANAK GURDWARA SMETHWICK
The Council of Sikh Gurdwaras in Sandwell

"ਗੋਲੀ ਛਾਤੀ ਵਿੱਚ ਖਾਣੀ ਹੈ"

# ਭਿੰਡਰਾਂ ਵਾਲੇ ਸੰਤਾਂ ਦੇ ਬਚਨ ਪੂਰੇ ਹੋਏ







ਗੁਰਦੁਆਰਾ ਸ਼ਹੀਦਾਂ ਜਸਵਾਲ ਬੱਬਰਾਂ ਦੇ ਹਾਈ ਕੋਰਟ ਅਮਰ ਸ਼ਹੀਦ ਭਾਈ ਅਮਰੀਕ ਸਿੰਘ ਪਿੰਡ ਮਨੇਸਾ ਜਥੇਦਾਰ ਗੁਰਦੁਆਰਾ ਬਾਬਾ ਰਾਮ ਥੰਮਣ ਜੀ ਜਿਸ ਨਾਲ ਪਹਿਲੀ ਮੁਲਾਕਾਤ 1977 ਵਿੱਚ ਗੁਰਦੁਆਰਾ ਬਾਬਾ ਰਾਮ ਥਮਨ ਵਿਖੇ ਹੋਈ ਭਾਈ ਅਮਰੀਕ ਸਿੰਘ ਨੂੰ ਸੰਤ ਬਾਬਾ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਮਹਾਂ ਪੁਰਸ਼ਾਂ ਦੇ ਬਚਨ ਸਨ ਗੋਲੀ ਛਾਤੀ ਵਿੱਚ ਖਾਣੀ ਹੈ ਭਿੰਡਰਾਂ ਵਾਲੇ ਸੰਤਾਂ ਦੇ ਬਚਨ ਪੂਰੇ ਹੋਏ ਦਮਦਮੀ ਟਕਸਾਲ ਦੇ ਮੁਖੀ ਬਾਬਾ ਠਾਕਰ ਸਿੰਘ ਜੀ ਨੇ 24 ਘੰਟਿਆਂ ਵਿੱਚ ਦੁਸ਼ਟਾਂ ਕੋਲੋਂ ਅਮਰ ਸ਼ਹੀਦ ਭਾਈ ਜਗਰਾਜ ਸਿੰਘ ਤੂਫਾਨ ਨੂੰ ਕਹਿ ਕੇ ਬਦਲਾ ਲਿਆ ਭਾਈ ਅਮਰੀਕ ਸਿੰਘ ਜੀ ਦਾਸ ਦਾ ਜਿਗਰੀ ਦੋਸਤ ਮਿੱਤਰ ਜਿਸ ਦੀ ਬਰਸੀ 18 ਫਰਵਰੀ ਨੂੰ ਦਮਦਮੀ ਟਕਸਾਲ ਵਾਹਿਗੁਰੂ ਜੀ ਦੀ ਕਿਰਪਾ ਨਾਲ ਗੁਰਦੁਆਰਾ ਬਾਬਾ ਰਾਮ ਥਮਨ ਵੱਡੇ ਪੱਧਰ ਤੇ ਮਨਾ ਰਹੀ ਹੈ ।ਦਾਸ ਦੇ ਮਨ ਵਿੱਚ ਵੀ ਫੁਰਨਾ ਆਇਆ 3 ਨਵੰਬਰ ਦਿਨ ਐਤਵਾਰ ਨੂੰ ਗੁਰਦੁਆਰਾ ਸ਼ਹੀਦਾਂ ਜੱਸੋਵਾਲ ਬੱਬਰਾਂ ਦੇ ਹਾਈ ਕੋਰਟ ਯਾਦ ਇਹ ਮਨਾਈ ਜਾਵੇਗੀ ਆਪਣੇ ਜਿਗਰੀ ਦੋਸਤ ਦੀ ਸੰਖੇਪ ਜੀਵਨੀ ਭਾਈ ਸਾਹਿਬ ਬਹੁਤ ਵੱਡੇ ਨਿਤਨੇਮੀ ਸਨ ਜੀਵਨੀ ਇਤਿਹਾਸ ਬਹੁਤ ਜਲਦੀ ਸਿੱਖ ਸੰਗਤਾਂ ਸਾਹਮਣੇ ਲਿਖ ਕੇ ਅਖਬਾਰਾਂ ਵਿੱਚ ਪ੍ਰਕਾਸ਼ਿਤ ਕੀਤਾ ਜਾਵੇਗਾ। ਜੀਵਨੀ ਵਿੱਚ ਪੂਰਾ ਵੇਰਵਾ ਲਿਖਿਆ ਜਾਵੇਗਾ। ਇਹ ਪੋਸਟ ਆਪਣੇ ਸੱਜਣੇ ਰੰਗਲੇ ਨੂੰ ਗੁਰਦੁਆਰਾ ਰਕਾਬ ਗੰਜ ਦਿੱਲੀ ਅੰਮ੍ਰਿਤ ਵੇਲੇ 4 ਵਜੇ 2 ਅਕਤੂਬਰ ਦਿਨ ਬੁੱਧਵਾਰ ਨੂੰ ਯਾਦ ਕਰਦਿਆਂ ਪਾ ਰਿਹਾ ਹਾਂ ਸੱਜਣ ਮੇਰੇ ਰੰਗਲੇ ਜਾਇ ਸੁਤੇ ਜੀਰਾਣ ਕਬੀਰ ਮੋਹਿ ਮਰਨੇ ਕਾ ਚਾਉ ਹੈ ਕਬੀਰ ਜਿਸ ਮਰਨੇ ਤੇ ਜਗ ਡਰੈ ਮੇਰੈ ਮਨਿ ਆਨੰਦ ਇਹੋ ਜਿਹੇ ਰੰਗਲੇ ਸੱਜਣਾਂ ਬਿਨਾ ਜ਼ਿੰਦਗੀ ਅਧੂਰੀ ਹੈ ਅੱਖੀਆਂ ਵਿੱਚ ਵਸਦਾ ਸੱਜਣਾ ਵੇ ਰਹਿਨਾ ਅੱਖੀਆਂ ਤੋਂ ਦੂਰ ਦਾਸ ਉੱਪਰ ਵੀ ਸੰਤ ਬਾਬਾ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲੇ ਮਹਾਂਪੁਰਸ਼ਾਂ ਨੇ ਗੁਰਦੁਆਰਾ ਬਾਬਾ ਰਾਮ ਥੰਮਣ ਹੀ ਬਖਸ਼ਿਸ਼ਾਂ ਕੀਤੀਆਂ ਗੁਰੂ ਗ੍ਰੰਥ ਗੁਰੂ ਪੰਥ ਦਾ ਦਾਸ ਸ਼ਹੀਦਾਂ ਨੂੰ ਨਮਸਕਾਰ ਕਰਦਾ ਹੋਇਆ

**-ਭਾਈ ਚਰਨਜੀਤ ਸਿੰਘ ਜੱਸੋਵਾਲ**






ਤੇਰੀ ਓਟ ਆਸੀਆਨਾ ਗਦਲੀ ਦੇ ਮੁੱਖੀ ਅਤੇ ਸਿੱਖ ਪੰਥ ਦੇ ਮਹਾਨ ਵਿਦਿਆਨ ਕਥਾਵਾਚਕ ਸਤਿਕਾਰ ਯੋਗ ਗਿਆਨੀ ਭੁਪਿੰਦਰ ਸਿੰਘ ਗਦਲੀ ਸ੍ਰੀ ਅੰਮ੍ਰਿਤਸਰ ਸਾਹਿਬ ਵਾਲਿਆਂ ਦੇ ਜਨਮ ਦਿਨ ਦੀਆਂ ਲੱਖ ਲੱਖ ਵਧਾਈਆਂ ਹੋਣ ਜੀ ਧੰਨ ਧੰਨ ਸਾਹਿਬ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਗਿਆਨੀ ਭੁਪਿੰਦਰ ਸਿੰਘ ਜੀ ਨੂੰ ਚੜਦੀ ਕਲਾ, ਲੰਮੀਆਂ ਉਮਰਾਂ, ਤੰਦਰੁਸਤੀਆ, ਗੁਰਸਿੱਖੀ ਜੀਵਨ ਦੀ ਦਾਤ ਬਖਸਿਸ਼ ਕਰਨ ਜੀ ( **ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ**)

# ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਵਿਖੇ ਹਿੰਦੀ ਪਖਵਾੜਾ ਸਫ਼ਲਤਾਪੂਰਵਕ ਸੰਪੰਨ



ਤਲਵੰਡੀ ਸਾਬੋ, 02 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਅਤੇ ਸੋਸ਼ਲ ਸਾਇੰਸਜ਼ ਵਿਭਾਗ ਵਿਖੇ ਹਿੰਦੀ ਪਖਵਾੜਾ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਹਰਭਗਵਾਨ ਚਾਵਲਾ ਸੇਵਾਮੁਕਤ ਪ੍ਰੋਫੈਸਰ ਰਾਜਕੀਯ ਮਹਿਲਾ ਕਾਲਜ ਰਤੀਆ ਨੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ। ਪ੍ਰੋਫੈਸਰ ਕੁਮਾਰ ਸੁਸ਼ੀਲ ਮੁਖੀ ਭਾਸ਼ਾਵਾਂ ਵਿਭਾਗ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਆਖਿਆ। ਪ੍ਰੋ ਚਾਵਲਾ ਨੇ ਆਪਣੇ ਵਿਆਖਿਆਨ ਵਿੱਚ ਹਿੰਦੀ ਭਾਸ਼ਾ ਤੇ ਸਮਾਜ ਦੇ ਆਪਸੀ ਸਬੰਧਾਂ ਨੂੰ ਸਮਾਜ ਦੇ ਸੰਦਰਭਗਤ ਪ੍ਰਸਤੁਤ ਕੀਤਾ। ਸਮਾਰੋਹ ਦੇ ਬੁਲਾਰੇ ਪਰਮਾਨੰਦ ਸ਼ਾਸਤਰੀ ਸੇਵਾਮੁਕਤ ਅਧਿਆਪਕ ਅਤੇ ਅਨੁਵਾਦਕ, ਪ੍ਰਸਿੱਧ ਕਵੀ ਸੁਰਜੀਤ ਸਿੰਘ ਸਿਰੜੀ ਅਤੇ ਡਾ. ਸੀਮਾ ਭਾਟੀਆ ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਨੇ ਵਿਦਿਆਰਥੀਆਂ ਨਾਲ ਆਪਣੇ ਵਿਚਾਰਾਂ ਦੀ ਸਾਂਝ ਪਾਈ। ਇਸ ਪ੍ਰੋਗਰਾਮ ਦੇ ਕੋਆਰਡੀਨੇਟਰ ਅਤੇ ਮੰਚ ਸੰਚਾਲਕ ਡਾ. ਪਾਇਲਦੀਪ ਰਹੇ। ਵਿਦਿਆਰਥੀਆਂ ਵੱਲੋਂ ਕਵਿਤਾਵਾਂ ਸੁਣਾਈਆਂ ਗਈਆਂ ਅਤੇ ਇੱਕ ਨੁੱਕੜ ਨਾਟਕ ਦੀ ਪੇਸ਼ਕਾਰੀ ਕੀਤੀ ਗਈ। ਪਖਵਾੜੇ ਦੌਰਾਨ ਹੋਈ 'ਨਿਬੰਧ ਲੇਖਣ ਪ੍ਰਤੀਯੋਗਤਾ' ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਡਾ ਬਲਦੇਵ ਸਿੰਘ ਮੁਖੀ ਸੋਸ਼ਲ ਸਾਇੰਸਜ਼ ਵਿਭਾਗ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਦੌਰਾਨ ਕੈਂਪਸ ਡਾਇਰੈਕਟਰ ਪ੍ਰੋ. ਕਮਲਜੀਤ ਸਿੰਘ ਨੇ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਮੁਬਾਰਕਬਾਦ ਦਿੱਤੀ ਅਤੇ ਭਵਿੱਖ ਵਿੱਚ ਅਜਿਹੇ ਕਾਰਜ ਕਰਾਉਂਦੇ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਦੋਹਾਂ ਵਿਭਾਗਾਂ ਦਾ ਅਧਿਆਪਨ ਅਮਲਾ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਹਾਜ਼ਰ ਰਹੇ।

# ਇੰਡਸਟਰੀ ਚੈਂਬਰ ਦੀ ਹਰ ਸਮੱਸਿਆ ਨੂੰ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾਵੇਗਾ: ਚੇਅਰਮੈਨ ਘੁੱਲੀ



ਧੂਰੀ ( ਰਣਜੀਤ ਸਿੰਘ ਪੇਧਨੀ ) ਸੰਗਰੂਰ ਇੰਡਸਟਰੀਅਲ ਚੈਬਰ ਧੂਰੀ ਪਹਿਲੀ ਮੀਟਿੰਗ ਸਵੈਨ ਵਰਡ ਹੋਟਲ ਧੂਰੀ ਵਿਖੇ ਕੀਤੀ ਗਈ ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਨਵ ਨਿਯੁਕਤ ਕੀਤੇ ਗਏ ਦਫਤਰ ਇੰਚਾਰਜ ਸਰਦਾਰ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਵਿਸੇਸ ਤੋਰ ਤੇ ਸ਼ਾਮਿਲ ਹੋਏ ਉਹਨਾਂ ਨੇ ਜੋਤੀ ਪ੍ਰਚੰਡ ਕਰਕੇ ਦੀ ਮੀਟਿੰਗ ਦੀ ਸ਼ੁਰੂਆਤ ਕੀਤੀ ।ਇਸ ਮੌਕੇ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਪਹੁੰਚੇ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਉਹ ਇੰਡਸਟਰੀ ਚੈਂਬਰ ਦੀਆਂ ਜੋ ਵੀ ਮੁਸ਼ਿਕਲਾਂ ਹਨ ਉਹਨਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕਰਵਾਉਣਗੇ ਅਤੇ ਇੰਡਸਟਰੀ ਚੈਂਬਰ ਮਾਲਕਾਂ ਦੀ ਹਰ ਮੁਸ਼ਿਕਲ ਦਾ ਹੱਲ ਕਰਨ ਦੇ ਲਈ ਉਹਨਾਂ ਦਾ ਦਿਨ ਰਾਤ ਸਾਥ ਦੇਣਗੇ ।ਇਸ ਮੌਕੇ ਸੰਗਰੂਰ ਇੰਡਸਟਰੀ ਚੈਂਬਰ ਦੇ ਪ੍ਰਧਾਨ ਬਲਜੀਤ ਸਿੰਘ ,ਸਰਬਜੀਤ ਸਿੰਘ ਸੈਕਟਰੀ ,ਸੋਮ ਨਾਥ ਵਰਮਾਂ ਫਾਈਨਾਂਸ ਸੈਕਟਰੀ, ਐਡਵੋਕੇਟ ਵਿਕਾਸ ਵਰਮਾ, ਜਗਪਾਲ ਢੀਂਡਸਾ ਪ੍ਰੈਸ ਸਕੱਤਰ ,ਕੁਲਦੀਪ ਸਿੰਘ ਬੁੱਟਰ ,ਮਾਣਾ ਗਰੇਵਾਲ, ਨਾਹਰ ਸਿੰਘ ਮੀਮਸਾ, ਪੱਤਰਕਾਰ ਰਣਜੀਤ ਸਿੰਘ ਪੇਧਨੀ, ਹਾਜ਼ਰ ਸਨ।

# ਪ੍ਰੋਫੈਸਰ ਰਵੇਲ ਸਿੰਘ ਨੂੰ ਪੰਜਾਬ ਕਲਾ ਪ੍ਰੀਸ਼ਦ ਦਾ ਸਕੱਤਰ ਬਣਨ 'ਤੇ ਵਧਾਈ : ਵਿਕਰਮਜੀਤ ਸਿੰਘ ਸਾਹਨੀ



**ਨਵੀਂ ਦਿੱਲੀ 2 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਵਿਸ਼ਵ ਪੰਜਾਬੀ ਸੰਸਥਾ ਦੇ ਸਕੱਤਰ ਸ਼੍ਰੀ ਰਵੇਲ ਸਿੰਘ ਨੂੰ ਰਾਜ ਸਭਾ ਮੈਂਬਰ ਅਤੇ ਵਿਸ਼ਵ ਪੰਜਾਬੀ ਸੰਸਥਾ ਦੇ ਅੰਤਰਰਾਸ਼ਟਰੀ ਪ੍ਰਧਾਨ ਡਾ: ਵਿਕਰਮਜੀਤ ਸਿੰਘ ਸਾਹਨੀ ਵੱਲੋਂ ਪੰਜਾਬ ਸਰਕਾਰ ਦੀ ਇੱਕ ਗਿਆਨਵਾਨ ਸੰਸਥਾ ਪੰਜਾਬ ਕਲਾ ਪ੍ਰੀਸ਼ਦ ਦਾ ਸਕੱਤਰ ਬਣਨ 'ਤੇ ਵਧਾਈ ਦਿੱਤੀ ਗਈ। ਡਾ: ਸਾਹਨੀ ਨੇ ਕਿਹਾ ਕਿ ਪ੍ਰੋਫੈਸਰ ਰਵੇਲ ਸਿੰਘ ਇਸ ਜ਼ਿੰਮੇਵਾਰੀ ਲਈ ਸਭ ਤੋਂ ਯੋਗ ਉਮੀਦਵਾਰ ਸਨ, ਉਨ੍ਹਾਂ ਨੇ ਪੰਜਾਬੀ ਅਕਾਦਮੀ ਦਿੱਲੀ ਦੇ ਸਕੱਤਰ ਰਹਿੰਦਿਆਂ ਬਹੁਤ ਰਚਨਾਤਮਕ ਅਤੇ ਉਸਾਰੂ ਕੰਮ ਕੀਤੇ, ਡਾ: ਸਾਹਨੀ ਨੇ ਅੱਗੇ ਕਿਹਾ ਕਿ ਪ੍ਰੋਫੈਸਰ ਰਵੇਲ ਸਿੰਘ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੇ ਸੱਚੇ-ਸੁੱਚੇ ਸੇਵਕ ਰਹੇ ਹਨ, ਉਨ੍ਹਾਂ ਨੂੰ ਪੂਰਾ ਭਰੋਸਾ ਹੈ ਕਿ ਆਪਣੀ ਨਵੀਂ ਜ਼ਿੰਮੇਵਾਰੀ ਤੋਂ ਬਾਅਦ ਉਹ ਇਸ ਸੇਵਾ ਨੂੰ ਅਗਲੇਰੇ ਪੱਧਰ 'ਤੇ ਲੈ ਕੇ ਜਾਣਗੇ।

4 ਰੋਜ਼ਾ ਸਮਾਪਤੀ ਦੀਵਾਨ ਗੁਰਦੁਆਰਾ ਸ੍ਰੀ ਮੰਜੀ ਸਾਹਿਬ

# ਗੁਰਮਤਿ ਸਮਾਗਮ, ਪਿੰਡ ਘੁਲਾਲ ਜ਼ਿਲ੍ਹਾ ਲੁਧਿਆਣਾ




ਆਵਾਜ਼ਿ ਕੌਮ AWAZE QAUM International Newspaper & WEB TV

**ਪਿਛਲੇ** 30 ਸਾਲਾਂ ਤੋਂ ਲਗਾਤਾਰ ਗੁਰਮਤਿ ਸਮਾਗਮ ਵਿੱਚ ਮਹਾਂਪੁਰਖ ਸੰਤ ਹਰੀ ਸਿੰਘ ਰੰਧਾਵੇ ਵਾਲੇ ਹਾਜ਼ਰੀ ਲਗਾਉਂਦੇ ਹਨ ਇਸ ਸਾਲ ਵਿਦੇਸ਼ ਵਿੱਚ ਹੋਣ ਕਾਰਨ ਇਸ ਸਾਲ ਉਘੇ ਸਿੱਖ ਪ੍ਰਚਾਰਕ ਤੇ ਮੈਂਬਰ ਸ਼੍ਰੋਮਣੀ ਗੁਰਦੁਆਰਾ ਕਮੇਟੀ, ਭਾਈ ਗੁਰਪ੍ਰੀਤ ਸਿੰਘ ਰੰਧਾਵਾ (ਜੱਥਾ ਰੰਧਾਵਾ) ਨੇ ਗੁਰਮਤਿ ਸਮਾਗਮ ਵਿੱਚ ਚਾਰ ਰੋਜ਼ਾ ਦੀਵਾਨ ਦੀ ਲਗਾਤਾਰ ਹਾਜ਼ਰੀ ਲਗਾਈ। **(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)**

# ਆਰ ਐਸ ਐਸ ਸੰਘ ਦੇ ਮੁੱਖੀ ਮੋਹਨ ਭਾਗਵਤ ਅੱਗ ਨਾਲ ਖੇਡਣ ਤੋ ਬਾਜ ਆਉਣ : ਵਿਦੇਸ਼ੀ ਖਾਲਿਸਤਾਨੀ ਆਗੂ

## ਹਿੰਦੂ ਰਾਜ ਦਾ ਏਜੰਡਾ ਪੰਜਾਬ ਦੀ ਧਰਤੀ ਤੇ ਲਾਗੂ ਨਹੀਂ ਹੋਣ ਦਿਆਂਗੇ : ਭਾਈ ਮੁਠੱਡਾ, ਡੱਲੇਵਾਲ , ਨਡਾਲੋਂ




ਕੁਲਵੰਤ ਸਿੰਘ ਮੁਠੱਡਾ ਯੂ ਕੇ | ਬਲਵਿੰਦਰ ਸਿੰਘ ਡੱਲੇਵਾਲ ਯੂ ਕੇ | ਗੁਰਵਿੰਦਰ ਸਿੰਘ ਨਡਾਲੋਂ ਜਰਮਨੀ | ਗੁਰਮੇਲ ਸਿੰਘ ਢੇਸੀ ਯੂ ਐਸ ਏ | ਗੁਰਦਿਆਲ ਸਿੰਘ ਢਕਾਣਸੂ ਬੈਲਜੀਅਮ

**ਲੰਡਨ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਆਰ ਐਸ ਐਸ ਦੇ ਮੁਖੀ ਮੋਹਨ ਭਾਗਵਤ ਪਿਛਲੇ ਦੋ ਦਿਨਾ ਤੋ ਲੁਧਿਆਣਾ ਵਿਚ ਜਹਿਰੀਲਾ ਪਰਚਾਰ ਕਰ ਰਿਹਾ ਹੈ ਕਿ ਪਿੰਡਾ ਵਿਚ ਸੰਘ ਦੀਆ ਸ਼ਾਖਾਵਾ ਖੋਲੀਆਂ ਜਾਣ ਅਤੇ ਸਿੱਖ ਨੌਜਵਾਨਾ ਨੂੰ ਵੱਧ ਤੋ ਵੱਧ ਸੰਘ ਨਾਲ ਜੋੜਿਆ ਜਾਵੇ ਤਾਂ ਹੀ ਚੰਗੇ ਸਮਾਜ ਤੇ ਮਜਬੂਤ ਰਾਸ਼ਟਰ ਦਾ ਨਿਰਮਾਣ ਕੀਤਾ ਜਾ ਸਕਦਾ ਹੈ ਇਸ ਬਿਆਨ ਉੱਤੇ ਤਿਖਾ ਪ੍ਰਤੀਕਰਮ ਦਿੰਦੇ ਹੋਏ ਇੰਗਲੈਂਡ ਤੋਂ ਪ੍ਰੈਸ ਨਾਲ ਗੱਲਬਾਤ ਕਰਦਿਆਂ ਰਾਜਸੀ ਸ਼ਰਨ ਉੱਤੇ ਰਹਿ ਰਹੇ ਸਿੱਖ ਫੈਡਰੇਸ਼ਨ ਯੂ ਕੇ ਦੇ ਸੀਨੀਅਰ ਆਗੂ ਭਾਈ ਕੁਲਵੰਤ ਸਿੰਘ ਮੁਠੱਡਾ, ਭਾਈ ਬਲਵਿੰਦਰ ਸਿੰਘ ਡੱਲੇਵਾਲ ,ਜਰਮਨੀ ਤੋਂ ਭਾਈ ਗੁਰਵਿੰਦਰ ਸਿੰਘ ਨਡਾਲੋਂ, ਅਮਰੀਕਾ ਤੋਂ ਯੂਥ ਆਗੂ ਗੁਰਮੇਲ ਸਿੰਘ ਢੇਸੀ ਅਤੇ ਬੈਲਜੀਅਮ ਤੋਂ ਭਾਈ ਗੁਰਦਿਆਲ ਸਿੰਘ ਢਕਾਣਸੂ ਨੇ ਆਰ ਐਸ ਐਸ ਸਿੰਘ ਦੇ ਮੁਖੀ ਮੋਹਨ ਭਾਗਵਤ ਨੂੰ ਸਖਤ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਪੂਰੀ ਸਿੱਖ ਕੌਮ ਜਾਗਰੂਕ ਹੋ ਚੁੱਕੀ ਹੈ ਅਤੇ ਸੰਘ ਦਾ ਗੁਪਤ ਏਜੰਡਾ ਸਮਝਦੀ ਹੈ ਪੰਜਾਬ ਦੇ ਕਿਸੇ ਵੀ ਪਿੰਡ ਵਿਚ ਆਰ ਐਸ ਐਸ ਦੀਆਂ ਸ਼ਾਖਾਵਾਂ ਨਹੀਂ ਬਣਨ ਦਿੱਤੀਆਂ ਜਾਣਗੀਆਂ ਪਰ ਨਾਲ ਹੀ ਉਕਤ ਖਾਲਿਸਤਾਨੀ ਆਗੂਆਂ ਨੇ ਹੈਰਾਨੀ ਪ੍ਰਗਟ ਕਰਦਿਆਂ ਹੋਇਆਂ ਕਿਹਾ ਕਿ ਸਿੱਖਾਂ ਦੀ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖ ਜਥੇਬੰਦੀਆਂ ਤੇ ਸਿੱਖ ਆਗੂਆਂ ਨੇ ਚੁੱਪ ਧਾਰੀ ਹੋਈ ਹੈ ਸਿੱਖ ਫੈਡਰੇਸ਼ਨ ਯੂ ਕੇ ਦੇ ਸੀਨੀਅਰ ਆਗੂ ਭਾਈ ਕੁਲਵੰਤ ਸਿੰਘ ਮੁਠੱਡਾ ਅਤੇ ਬਲਵਿੰਦਰ ਸਿੰਘ ਡੱਲੇਵਾਲ ਨੇ ਕਿਹਾ ਕਿ ਆਰ ਐਸ ਐਸ ਸਿੱਖ ਕੌਮ ਦੀ ਕੱਟੜ ਦੁਸ਼ਮਣ ਜਮਾਤ ਹੈ ਸੰਘੀ ਲਾਣੇ ਨੇ ਹਮੇਸ਼ਾ ਹੀ ਸਿੱਖਾਂ ਦਾ ਵਿਰੋਧ ਕੀਤਾ ਹੈ ਅੰਮ੍ਰਿਤਸਰ ਸਾਹਿਬ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਵੇਲੇ ਵੀ ਇਹਨਾਂ ਨੇ ਡੱਟ ਕੇ ਵਿਰੋਧ ਕੀਤਾ ਸੀ ਤੇ ਪੰਜਾਬੀ ਸੂਬਾ ਬਣਨ ਵੇਲੇ ਆਪਣੀ ਜੁਬਾਨ ਹਿੰਦੀ ਲਿਖਵਾਈ ਸੀ ਸਿੱਖ ਕੌਮ ਨੂੰ ਨਾਗਪੁਰੀਆ ਦੇ ਮੱਕੜ ਜਾਲ ਤੋਂ ਸੁਚੇਤ ਰਹਿਣ ਦੀ ਲੋੜ ਹੈ ਅਖੀਰ ਵਿੱਚ ਉਪਰੋਕਤ ਖਾਲਿਸਤਾਨੀ ਸਿੱਖ ਆਗੂਆਂ ਨੇ ਸੰਘੀਆ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਉਹ ਆਪਣੀਆਂ ਕੋਝੀਆਂ ਹਰਕਤਾਂ ਤੋਂ ਬਾਜ ਆ ਜਾਣ ਇਨਾ ਦਾ ਹਿੰਦੂ ਰਾਜ ਦਾ ਏਜੰਡਾ ਪੰਜਾਬ ਦੀ ਪਵਿੱਤਰ ਧਰਤੀ ਤੇ ਕਿਸੇ ਵੀ ਕੀਮਤ ਤੇ ਲਾਗੂ ਨਹੀ ਹੋਣ ਦਿੱਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸੰਤ ਬਾਬਾ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਨੂੰ ਸਮਰਪਿਤ

# ਸਲਾਨਾ ਜੋੜ ਮੇਲੇ ਦੇ ਪ੍ਰਬੰਧ ਨੂੰ ਲੈ ਕੇ ਪਿੰਡ ਭੂਰਾ ਕੋਹਨਾ ਵਿਖੇ ਪਹਿਲੀ ਮੀਟਿੰਗ ਰੱਖੀ ਗਈ





ਆਵਾਜ਼ਿ ਕੌਮ AWAZE QAUM International Newspaper & WEB TV



ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰੋਂ ਸਾਹਿਬਜ਼ਾਦੇ ਅਤੇ ਮਾਤਾ ਗੁਜਰ ਕੌਰ ਜੀ ਨੂੰ ਸਮਰਪਿਤ

# ਵਿਸ਼ਾਲ ਨਗਰ ਕੀਰਤਨ ਧੰਨ ਧੰਨ ਸੰਤ ਬਾਬਾ ਪ੍ਰੇਮ ਸਿੰਘ ਜੀ ਮੁਰਾਲੇ ਵਾਲਿਆਂ ਦੇ ਮੁੱਖ ਅਸਥਾਨ ਵਿਖੇ ਪਹੁੰਚਿਆ

## ਬੀਬੀ ਜਗੀਰ ਕੌਰ ਵੱਲੋਂ ਹਾਜ਼ਰੀ ਭਰੀ ਅਤੇ ਆਈ ਹੋਈ ਸਮੁੱਚੀ ਸੰਗਤ ਨੂੰ ਜੀ ਆਇਆ ਆਖਿਆ













ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰੋਂ ਸਾਹਿਬਜ਼ਾਦੇ ਅਤੇ ਮਾਤਾ ਗੁਜਰ ਕੌਰ ਜੀ ਨੂੰ ਸਮਰਪਿਤ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ ਸੇਵਾ ਸੋਸਾਇਟੀ ਕਸਬਾ ਬੇਗੋਵਾਲ ਵੱਲੋਂ ਵਿਸ਼ਾਲ ਨਗਰ ਕੀਰਤਨ ਧੰਨ ਧੰਨ ਸੰਤ ਬਾਬਾ ਪ੍ਰੇਮ ਸਿੰਘ ਜੀ ਮੁਰਾਲੇ ਵਾਲਿਆਂ ਦੇ ਮੁੱਖ ਅਸਥਾਨ ਵਿਖੇ ਪਹੁੰਚਿਆ ਜਿਸ ਵਿੱਚ ਬੀਬੀ ਜਗੀਰ ਕੌਰ ਵੱਲੋਂ ਹਾਜ਼ਰੀ ਭਰੀ ਅਤੇ ਆਈ ਹੋਈ ਸਮੁੱਚੀ ਸੰਗਤ ਨੂੰ ਜੀ ਆਇਆ ਆਖਿਆ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੀ.ਬੀ ਐੱਸ.ਈ ਹਾਕੀ ਚੈਂਪੀਅਨਸ਼ਿਪ ਦੀ ਓਵਰ ਆਲ ਟਰਾਫੀ ਤੇ

# ਖਾਲਸਾ ਅਕੈਡਮੀ ਦੇ ਖਿਡਾਰੀਆਂ ਦੀ ਜਿੱਤ




**ਚੌਕ ਮਹਿਤਾ, 2 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਜੋ ਕਿ ਦਮਦਮੀ ਟਕਸਾਲ ਦੇ 16ਵੇਂ ਮੁਖੀ ਮਾਨਯੋਗ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਅਤੇ ਪ੍ਰਧਾਨ ਸੰਤ ਸਮਾਜ ਜੀ ਦੀ ਸੰਯੋਗ ਰਹਿਨੁਮਾਈ ਹੇਠ ਚੱਲ ਰਹੀ ਖਾਲਸਾ ਅਕੈਡਮੀ ਵਿਖੇ ਸੀ.ਬੀ.ਐਸ.ਈ ਨੌਰਥ ਜੋਨ -99 ਹਾਕੀ ਚੈਂਪੀਅਨਸ਼ਿਪ 21 ਸਤੰਬਰ 2024 ਤੋਂ 24 ਸਤੰਬਰ 2024 ਤੱਕ ਲਗਾਤਾਰ ਚਾਰ ਦਿਨ ਤੱਕ ਕਰਵਾਈ ਗਈ। ਖਾਲਸਾ ਅਕੈਡਮੀ ਦੀਆਂ ਹਾਕੀ ਗਰਾਊਂਡਾਂ ਵਿੱਚ ਸੋਨੀਪਤ, ਪਾਣੀਪਤ ,ਦਿੱਲੀ ਤੇ ਪੰਜਾਬ ਆਦਿ ਥਾਵਾਂ ਤੋਂ ਆਈਆਂ ਵੱਖਰੇ ਵੱਖਰੇ ਸਕੂਲਾਂ ਦੀਆਂ ਲਗਭਗ 85 ਟੀਮਾਂ ਇਹਨਾਂ ਹਾਕੀ ਮੁਕਾਬਲਿਆਂ ਦੀ ਲੜੀ ਵਿੱਚ ਸ਼ਾਮਿਲ ਹੋਈਆਂ। ਇਹਨਾਂ ਮੈਚਾਂ ਦੌਰਾਨ ਟੀਮਾਂ ਵਿਚਕਾਰ ਫਸਵੇਂ ਮੁਕਾਬਲੇ ਹੋਏ ਜਿਨਾਂ ਵਿੱਚੋਂ ਖਾਲਸਾ ਅਕੈਡਮੀ ਨੇ ਓਵਰਆਲ ਚੈਂਪੀਅਨਸ਼ਿਪ ਜਿੱਤੀ ।ਖਾਲਸਾ ਅਕੈਡਮੀ ਅੰਡਰ 19 ਅਤੇ ਅੰਡਰ 17 ਲੜਕਿਆਂ ਦੀ ਟੀਮਾਂ ਨੇ ਪਹਿਲੀ ਪੁਜੀਸ਼ਨ ਹਾਸਿਲ ਕਰਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਅੰਡਰ 14 ਲੜਕਿਆਂ ਦੀ ਟੀਮ ਨੇ ਦੂਸਰੀ ਪੁਜੀਸ਼ਨ ਹਾਸਿਲ ਕੀਤੀ ਲੜਕੀਆਂ ਨੇ ਮੁਕਾਬਲਿਆਂ ਵਿੱਚੋਂ ਖਾਲਸਾ ਅਕੈਡਮੀ ਅੰਡਰ 17 ਦੇ ਅੰਡਰ 19 ਗਰੁੱਪ ਦੀਆਂ ਟੀਮਾਂ ਨੇ ਤੀਸਰੀ ਪੁਜੀਸ਼ਨ ਹਾਸਿਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਾਨੂੰ ਇਹ ਗੱਲ ਦੱਸਦਿਆਂ ਬਹੁਤ ਹੀ ਮਾਣ ਮਹਿਸੂਸ ਹੋ ਰਿਹਾ ਹੈ ਕਿ ਖਾਲਸਾ ਅਕੈਡਮੀ ਦੀ ਅੰਡਰ 17 ਅਤੇ ਅੰਡਰ 19 ਦੇ ਲੜਕੀਆਂ ਦੀ ਹਾਕੀ ਟੀਮ ਨੈਸ਼ਨਲ ਲੈਵਲ ਤੇ ਭੋਪਾਲ ਮੱਧ ਪ੍ਰਦੇਸ਼ ਵਿਖੇ ਖੇਡਣ ਜਾ ਰਹੀ ਹੈ।

ਇਸ ਮੌਕੇ ਓਲੰਪੀਅਨ ਜਰਮਨਜੀਤ ਸਿੰਘ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ ਅਤੇ ਉਹਨਾਂ ਨੇ ਇਸ ਅਕੈਡਮੀ ਚੈਂਪੀਅਨਸ਼ਿਪ ਦੇ ਹੁਨਰਮੰਦ ਨੂੰ 12 ਹਾਕੀਆਂ ਤੋਹਫੇ ਵਜੋਂ ਦਿੱਤੀਆਂ। ਦੂਰ ਦੁਰਾਡੇ ਤੋਂ ਆਈਆਂ ਟੀਮਾਂ ਦੇ ਖਿਡਾਰੀ ਅਜਿਹੀ ਪ੍ਰੇਰਨਾਦਾਇਕ ਸ਼ਖਸ਼ੀਅਤ ਨੂੰ ਮਿਲ ਕੇ ਬਹੁਤ ਪ੍ਰਸੰਨ ਹੋਏ ਅਤੇ ਸਕੂਲ ਦੇ ਪ੍ਰਿੰਸੀਪਲ ਸਾਹਿਬਾਨ ਡਾਕਟਰ ਜਤਿੰਦਰ ਕੁਮਾਰ ਸ਼ਰਮਾ ਜੀ ਨੇ ਸਾਰੇ ਖਿਡਾਰੀਆਂ ਨੂੰ ਉਹਨਾਂ ਤੋਂ ਪ੍ਰੇਰਨਾ ਲੈ ਕੇ ਅੱਗੇ ਵਧਣ ਲਈ ਉਤਸਾਹਿਤ ਕੀਤਾ।

ਇਸ ਮੌਕੇ ਤੇ ਡਾਇਰੈਕਟਰ ਪ੍ਰਿੰਸੀਪਲ ਡਾਕਟਰ ਜਤਿੰਦਰ ਕੁਮਾਰ ਸ਼ਰਮਾ ਕਾਲਜ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ, ਸਰਦਾਰ ਹਰਸ਼ਦੀਪ ਸਿੰਘ ਡਾਇਰੈਕਟਰ ਦਸ਼ਮੇਸ਼ ਵਿਦਿਅਕ ਸੰਸਥਾਂਵਾਂ, ਮੈਂਬਰ ਆਫ ਚੀਫ ਖਾਲਸਾ ਦੀਵਾਨ, ਹਾਕੀ ਕੋਚ ਸਰਦਾਰ ਬਲਜਿੰਦਰ ਸਿੰਘ, ਮਨਮੀਤ ਸਿੰਘ ਮੈਡਮ ਹਰਜੀਤ ਕੌਰ, ਸਮੂਹ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀਆਂ ਨੇ ਸਾਰੇ ਹੀ ਹਾਕੀ ਖਿਡਾਰੀਆਂ ਨੂੰ ਬਹੁਤ ਬਹੁਤ ਮੁਬਾਰਕਬਾਦ ਦਿੱਤੀ।

### ਗੁਰਦੁਆਰਾ ਸਾਹਿਬ ਸਿੰਤਰੁਦਨ ਬੈਲਜੀਅਮ ਵਿਖੇ

# ਸੰਤ ਭਿੰਡਰਾਂਵਾਲਿਆ ਤੇ ਸ਼ਹੀਦਾਂ ਦੇ ਫਲੈਕਸ ਪਾੜਨ ਦੀ ਕਾਰਵਾਈ ਅਤਿ ਦੁੱਖਦਾਇਕ ਅਤੇ ਅਸਹਿ : ਮਾਨ

ਨਵੀਂ ਦਿੱਲੀ, 02 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- "ਯੂਰਪ ਦੇ ਬੈਲਜੀਅਮ ਗੁਰਦੁਆਰਾ ਸਾਹਿਬ ਸਿੰਤਰੁਦਨ ਵਿਖੇ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆ, ਜਰਨਲ ਸੁਬੇਗ ਸਿੰਘ, ਮਹਾਰਾਜਾ ਰਣਜੀਤ ਸਿੰਘ ਅਤੇ ਬਾਬਾ ਬੰਦਾ ਸਿੰਘ ਬਹਾਦਰ ਮਹਾਨ ਨਾਇਕਾਂ ਅਤੇ ਸ਼ਹੀਦਾਂ ਦੇ ਕੱਦਬੁੱਤ ਫਲੈਕਸ ਲਗਵਾਏ ਗਏ ਸਨ । ਜਿਨ੍ਹਾਂ ਨੂੰ ਕੁਝ ਸ਼ਰਾਰਤੀ ਅਨਸਰਾਂ ਨੇ ਰਾਤ ਨੂੰ ਪਾੜਕੇ ਇਨ੍ਹਾਂ ਸ਼ਹੀਦਾਂ ਦਾ ਅਪਮਾਨ ਕਰਨ ਦੀ ਗੁਸਤਾਖੀ ਕੀਤੀ ਹੈ । ਜੋ ਕਿ ਬਾਹਰਲੇ ਮੁਲਕਾਂ ਵਿਚ ਅਜਿਹੀ ਦੁੱਖਦਾਇਕ ਕਾਰਵਾਈ ਬਿਲਕੁਲ ਨਹੀ ਸੀ ਹੋਣੀ ਚਾਹੀਦੀ । ਇਹ ਕਾਰਵਾਈ ਸਿੱਖ ਕੌਮ ਲਈ ਅਸਹਿ ਹੈ ਅਤੇ ਖ਼ਾਲਸਾ ਪੰਥ ਅਜਿਹੀਆ ਕਾਰਵਾਈਆਂ ਨੂੰ ਕਤਈ ਬਰਦਾਸਤ ਨਹੀ ਕਰੇਗਾ । ਕਿਉਂਕਿ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ, ਖਾਲਸਾ ਪੰਥ ਦੀ ਮਹਾਨ ਸੰਸਥਾਂ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋ 20ਵੀਂ ਸਦੀਂ ਦੇ ਮਹਾਨ ਸਿੱਖ ਨਾਇਕ ਵੱਜੋ ਸਨਮਾਨੇ ਜਾ ਚੁੱਕੇ ਹਨ ਅਤੇ ਉਨ੍ਹਾਂ ਦੀ ਫੋਟੋ ਸਿੱਖ ਅਜਾਇਬਘਰ ਵਿਚ ਸੁਸੋਭਿਤ ਹੈ ਅਤੇ ਦੂਸਰੇ ਮਹਾਨ ਨਾਇਕ ਬਾਬਾ ਬੰਦਾ ਸਿੰਘ ਬਹਾਦਰ, ਮਹਾਰਾਜਾ ਰਣਜੀਤ ਸਿੰਘ ਅਤੇ ਜਰਨਲ ਸੁਬੇਗ ਸਿੰਘ ਵਰਗੀਆਂ ਸਖਸ਼ੀਅਤਾਂ ਸਿੱਖ ਕੌਮ ਦੀਆਂ ਅਤਿ ਸਤਿਕਾਰਿਤ ਅਤੇ ਮਨੁੱਖਤਾ ਲਈ ਮਹਾਨ ਕੁਰਬਾਨੀਆਂ ਕਰਨ ਵਾਲੀਆ ਅਤੇ ਆਜਾਦੀ ਦੀ ਕੌਮੀ ਗੱਲ ਤੇ ਪਹਿਰਾ ਦੇਣ ਵਾਲੀਆ ਮਹਾਨ ਸਖਸ਼ੀਅਤਾਂ ਹਨ । ਜੋ ਵੀ ਸ਼ਰਾਰਤੀ ਅਨਸਰ ਸਾਡੇ ਇਨ੍ਹਾਂ ਸਿੱਖ ਨਾਇਕਾਂ ਦਾ ਅਪਮਾਨ ਅਤੇ ਤੋਹੀਨ ਕਰਨ ਦੀ ਕਾਰਵਾਈ ਕਰਦਾ ਹੈ, ਉਸਦੀ ਡੂੰਘਾਈ ਤੱਕ ਤਹਿਕੀਕਾਤ ਕਰਦੇ ਹੋਏ ਅਜਿਹੇ ਦੋਸ਼ੀਆਂ ਨੂੰ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਸਾਹਮਣੇ ਲਿਆਵੇ ਅਤੇ ਬੈਲਜੀਅਮ ਕਾਨੂੰਨ ਅਨੁਸਾਰ ਸਜ਼ਾਵਾਂ ਦਿਵਾਉਣ ਦੀ ਜਿੰਮੇਵਾਰੀ ਪੂਰਨ ਕਰੇ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬੈਲਜੀਅਮ ਦੇ ਸਿੰਤਰੁਦਨ ਗੁਰਦੁਆਰਾ ਸਾਹਿਬ ਵਿਖੇ ਸਿੱਖ ਕੌਮ ਦੇ ਮਹਾਨ ਸ਼ਹੀਦਾਂ ਦੇ ਲਗਾਏ ਗਏ ਫਲੈਕਸਾਂ ਦਾ ਅਪਮਾਨ ਕਰਨ ਵਾਲੇ ਅਨਸਰਾਂ ਨੂੰ ਖ਼ਬਰਦਾਰ ਕਰਦੇ ਹੋਏ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਇਸਦੀ ਤਹਿਕੀਕਾਤ ਕਰਕੇ ਦੋਸ਼ੀਆਂ ਨੂੰ ਸਾਹਮਣੇ ਲਿਆਕੇ ਕਾਨੂੰਨ ਅਨੁਸਾਰ ਸਜ਼ਾਵਾਂ ਦਿਵਾਉਣ ਦੀ ਜਿੰਮੇਵਾਰੀ ਨਿਭਾਉਣ ਦੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਅਜਿਹਾ ਅਪਮਾਨ ਕਰਨ ਵਾਲੇ ਅਨਸਰ ਮੋਦੀ ਹਕੂਮਤ ਨਾਲ ਸਾਠ-ਗਾਠ ਕਰਨ ਵਾਲੇ ਕੌਮ ਵਿਚੋ ਵੀ ਹੋ ਸਕਦੇ ਹਨ ਅਤੇ ਹਿੰਦੂਤਵ ਜਮਾਤਾਂ ਵੀ ਹੋ ਸਕਦੀਆਂ ਹਨ । ਪਰ ਇਨ੍ਹਾਂ ਨੇ ਵੀ ਇਹ ਘਿਣੋਨਾ ਅਮਲ ਕੀਤਾ ਹੈ, ਉਹ ਕਿਸੇ ਵੀ ਕੀਮਤ ਤੇ ਸਿੱਖ ਕੌਮ ਦੀ ਨਜ਼ਰ ਵਿਚ ਅਤੇ ਕਾਨੂੰਨ ਦੀ ਨਜ਼ਰ ਵਿਚ ਬਿਲਕੁਲ ਵੀ ਬਖਸੇ ਨਹੀ ਜਾਣੇ ਚਾਹੀਦੇ । ਸ. ਮਾਨ ਨੇ ਗੁਰਦੁਆਰਾ ਪ੍ਰਬੰਧਕ ਕਮੇਟੀ ਜਿਸਦੇ ਪ੍ਰਧਾਨ ਸ. ਕਰਮ ਸਿੰਘ ਹਨ ਅਤੇ ਜੋ ਬੈਲਜੀਅਮ ਪਾਰਟੀ ਯੂਨਿਟ ਦੇ ਵੀ ਪ੍ਰਧਾਨ ਹਨ, ਉਨ੍ਹਾਂ ਨੇ ਸਮੁੱਚੀ ਪ੍ਰਬੰਧਕ ਕਮੇਟੀ ਦੇ ਮੈਬਰਾਂ ਦਾ ਇਸ ਗੱਲੋ ਵੀ ਤਹਿ ਦਿਲੋ ਧੰਨਵਾਦ ਕੀਤਾ ਜਿਨ੍ਹਾਂ ਨੇ ਇਸ ਹੋਈ ਵਾਰਦਾਤ ਦੀ ਡੂੰਘਾਈ ਤੱਕ ਛਾਣਬੀਨ ਕਰਨ ਦੀ ਜਿੰਮੇਵਾਰੀ ਚੁੱਕਣ ਦੇ ਨਾਲ-ਨਾਲ ਫਿਰ ਤੋ ਮਹਾਨ ਸ਼ਹੀਦਾਂ ਦੇ ਕੱਦਬੁੱਤ ਫਲੈਕਸ ਗੁਰਦੁਆਰਾ ਸਾਹਿਬ ਵਿਚ ਸੁਸੋਭਿਤ ਕਰਵਾਕੇ ਆਪਣੇ ਮਹਾਨ ਸ਼ਹੀਦਾਂ ਦੇ ਸਤਿਕਾਰ ਵਿਚ ਵਾਧਾ ਕੀਤਾ ਹੈ ਅਤੇ ਸਰਾਰਤੀ ਅਨਸਰਾਂ ਨੂੰ ਇਹ ਸੰਦੇਸ ਦਿੱਤਾ ਹੈ ਕਿ ਉਹ ਸਾਡੇ ਫਲੈਕਸ ਪਾੜਕੇ ਸਾਡੇ ਮਨ-ਆਤਮਾਵਾ ਵਿਚ ਆਪਣੇ ਮਹਾਨ ਨਾਇਕਾਂ ਲਈ ਬਣੇ ਸਤਿਕਾਰ, ਮਾਣ ਨੂੰ ਬਿਲਕੁਲ ਨਹੀ ਘਟਾ ਸਕਦੇ । ਸ. ਮਾਨ ਨੇ ਯੂਰਪਿੰਨ ਸਿੱਖ ਆਰਗਰੇਨਾਈਜੇਸਨ ਦੇ ਪ੍ਰਧਾਨ ਸ. ਬਿੰਦਰ ਸਿੰਘ ਵੱਲੋ ਬੈਲਜੀਅਮ ਵਿਚ ਕੀਤੀਆ ਜਾ ਰਹੀਆ ਪੰਥਕ ਸੇਵਾਵਾਂ ਲਈ ਅਤੇ ਅਜਿਹੀਆ ਸਿੱਖ ਕੌਮ ਦੇ ਮਨਾਂ ਨੂੰ ਠੇਸ ਪਹੁੰਚਾਉਣ ਵਾਲੀਆ ਕਾਰਵਾਈਆ ਵਿਰੁੱਧ ਲਏ ਸਟੈਡ ਲਈ ਵੀ ਤਹਿ ਦਿਲੋ ਧੰਨਵਾਦ ਕੀਤਾ । ਬੈਲਜੀਅਮ ਵਿਚ ਵੱਸਣ ਵਾਲੇ ਸਿੱਖਾਂ ਨੂੰ ਇਹ ਅਪੀਲ ਕੀਤੀ ਕਿ ਉਹ ਆਪੋ ਆਪਣੇ ਗੁਰੂਘਰਾਂ ਵਿਚ ਹੋਣ ਵਾਲੀਆ ਸਰਗਰਮੀਆ, ਧਾਰਮਿਕ ਕਾਰਵਾਈਆ ਵਿਚ ਆਪਸੀ ਮਿਲਵਰਤਣ ਨਾਲ ਖ਼ਾਲਸਾ ਪੰਥ ਦੇ ਸੰਦੇਸ ਨੂੰ ਇਨ੍ਹਾਂ ਮੁਲਕਾਂ ਦੇ ਨਿਵਾਸੀਆ ਅਤੇ ਸਰਕਾਰਾਂ ਵਿਚ ਪਹੁੰਚਾਉਣ ਦੀ ਜਿੰਮੇਵਾਰੀ ਨਿਭਾਉਦੇ ਰਹਿਣ । ਕਿਉਂਕਿ ਖ਼ਾਲਸਾ ਪੰਥ ਜਲਦੀ ਹੀ ਆਪਣੀ ਆਜਾਦੀ ਦੀ ਮੰਜਿਲ ਦੇ ਮਿਸਨ ਨੂੰ ਪ੍ਰਾਪਤ ਕਰਨ ਵੱਲ ਵੱਧ ਰਿਹਾ ਹੈ ਅਤੇ ਅਜਿਹੇ ਸ਼ਰਾਰਤੀ ਅਨਸਰ ਆਪਣੇ ਮੰਦਭਾਵਨਾ ਭਰੇ ਮਿਸਨ ਵਿਚ ਕਤਈ ਕਾਮਯਾਬ ਨਹੀ ਹੋ ਸਕਣਗੇ।




**ਗੁਰਦੁਆਰਾ ਪ੍ਰਬੰਧਕ ਕਮੇਟੀ ਤਹਿਕੀਕਾਤ ਕਰਕੇ ਦੋਸ਼ੀਆਂ ਨੂੰ ਸਾਹਮਣੇ ਲਿਆਕੇ ਬੈਲਜੀਅਮ ਕਾਨੂੰਨ ਅਨੁਸਾਰ ਸਜ਼ਾ ਦਿਵਾਏ**

ਆਵਾਜ਼ਿ ਕੌਮ AWAZE QAUM International Newspaper & WEB TV

# ਡੇਰਾ ਮੁੱਖੀ ਰਾਮ ਰਹੀਮ ਨੂੰ ਬਾਰ ਬਾਰ ਮਿਲ ਰਹੀ ਪੈਰੋਲ/ਫਰਲੋ ਨੂੰ ਸੁਪਰੀਮ ਕੋਰਟ ਵਿਚ ਕੀਤਾ ਜਾਏਗਾ ਚੈਲੇਂਜ : ਬੀਬੀ ਰਣਜੀਤ ਕੌਰ

### ਬੰਦੀ ਸਿੰਘਾਂ ਦਾ ਜੇਲ੍ਹ ਅੰਦਰ ਆਚਰਣ ਡੇਰਾ ਸਾਧ ਤੋਂ ਜ਼ਿਆਦਾ ਚੰਗਾ ਫੇਰ ਉਨ੍ਹਾਂ ਨੂੰ ਪੈਰੋਲ ਕਿਉਂ ਨਹੀਂ ?




ਨਵੀਂ ਦਿੱਲੀ 2 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ, ਕਤਲ ਅਤੇ ਜਬਰਜਿਨਾਹ ਦੇ ਗੰਭੀਰ ਦੋਸ਼ਾਂ ਹੇਠ 20-20 ਸਾਲਾਂ ਦੇ ਜੇਲ੍ਹ ਕੱਟ ਰਹੇ ਡੇਰਾ ਸਾਧ ਨੂੰ ਸਤ ਸਾਲਾਂ ਵਿਚ 11 ਵਾਰੀ ਪੈਰੋਲ/ਫਰਲੋ ਦੇ ਕੇ ਓਸ ਨੂੰ ਮਿਲੀ ਸਜ਼ਾ ਦਾ ਮਖੌਲ ਉਡਾਇਆ ਜਾ ਰਿਹਾ ਹੈ । ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੀ ਮਹਿਲਾ ਵਿੰਗ ਦੇ ਮੁੱਖੀ ਬੀਬੀ ਰਣਜੀਤ ਕੌਰ ਨੇ ਮੀਡੀਆ ਨੂੰ ਜਾਰੀ ਕੀਤੇ ਆਪਣੇ ਬਿਆਨ ਰਾਹੀਂ ਦਸਿਆ ਕਿ ਜਿੱਥੇ ਸਿੱਖ ਸਮਾਜ ਵਿਚ ਇਸ ਦਾ ਰੋਸ ਹੈ ਓਥੇ ਹੀ ਇਸ ਮਾਮਲੇ ਵਿਚ ਕਾਂਗਰਸ ਨੇ ਵੀ ਰਾਮ ਰਹੀਮ ਦੀ ਰਿਹਾਈ ਨੂੰ ਲੈ ਕੇ ਆਪਣਾ ਇਤਰਾਜ਼ ਜਤਾਇਆ ਹੈ 'ਤੇ ਚੋਣ ਕਮਿਸ਼ਨ ਨੂੰ ਸ਼ਿਕਾਇਤ ਕਰਣ ਦੇ ਬਾਵਜੂਦ ਬੀਤੀ ਦੇਰ ਰਾਤ ਸਰਕਾਰ ਨੇ ਰਾਮ ਰਹੀਮ ਦੀ ਰਿਹਾਈ ਦੇ ਹੁਕਮ ਜਾਰੀ ਕਰ ਦਿੱਤੇ ਅਤੇ ਸਵੇਰੇ ਪ੍ਰਸ਼ਾਸਨ ਨੇ ਉਸ ਨੂੰ ਰਿਹਾਅ ਕਰ ਦਿੱਤਾ। ਜਦਕਿ ਇਹ ਵੀ ਚਰਚਾ ਹੈ ਕਿ ਰਾਜ ਦੀਆਂ 32 ਤੋਂ ਵੱਧ ਵਿਧਾਨ ਸਭਾ ਸੀਟਾਂ 'ਤੇ ਰਾਮ ਰਹੀਮ ਦਾ ਕਾਫੀ ਪ੍ਰਭਾਵ ਹੈ ਅਤੇ ਭਾਜਪਾ ਇਸ ਦਾ ਫਾਇਦਾ ਉਠਾਉਣਾ ਚਾਹੁੰਦੀ ਹੈ ਇਸ ਲਈ ਓਸ ਨੂੰ ਪੈਰੋਲ ਤੇ ਬਾਹਰ ਲਿਆਂਦਾ ਗਿਆ ਹੈ । ਇਕ ਪਾਸੇ ਕੇਂਦਰ ਅਤੇ ਰਾਜ ਸਰਕਾਰ ਰਾਮ ਰਹੀਮ ਤੇ ਮਿਹਰਬਾਨੀਆਂ ਜਤਾ ਰਹੀ ਹੈ ਦੂਜੇ ਪਾਸੇ ਓਹ ਸਿੱਖ ਸਿਆਸੀ ਬੰਦੀ ਸਿੰਘਾਂ ਦੇ ਮਾਮਲੇਆਂ ਨੂੰ ਅਣਦੇਖਿਆ ਕਰਕੇ ਸਿੱਖਾਂ ਨਾਲ ਵਿਸਾਹਘਾਤ ਕਮਾ ਰਹੀ ਹੈ ਤੇ ਇਸ ਮਾਮਲੇ ਵਿਚ ਕੁਝ ਸਿੱਖ ਅਖਵਾਉਂਦੇ ਚੇਹਰਿਆ ਵਲੋਂ ਓਸ ਦੀ ਹਾਂ ਵਿਚ ਹਾਂ ਮਿਲਾਣੀ ਤੇ ਬੰਦੀ ਸਿੰਘਾਂ ਲਈ ਹਾਅ ਦਾ ਨਾਹਰਾ ਨਾ ਮਾਰਨਾ ਉਨ੍ਹਾਂ ਦੇ ਸਿੱਖ ਹੋਣ ਤੇ ਸੁਆਲ ਚੁੱਕਦਾ ਹੈ । ਡੇਰਾ ਸਾਧ ਬਾਰੇ ਦਸਿਆ ਗਿਆ ਹੈ ਕਿ ਓਸ ਦਾ ਜੇਲ੍ਹ ਅੰਦਰ ਆਚਰਣ ਚੰਗਾ ਹੋਣ ਕਰਕੇ ਪੈਰੋਲ/ਫਰਲੋ ਦਿੱਤੀ ਜਾ ਰਹੀ ਹੈ ਤੇ ਅਸੀਂ ਦੇਸ਼ ਦੀਆਂ ਵੱਖ ਵੱਖ ਜੇਲ੍ਹਾਂ ਅੰਦਰ ਬੰਦ ਬੰਦੀ ਸਿੰਘਾਂ ਬਾਰੇ ਦਾਹਵੇ ਨਾਲ ਕਹਿੰਦੇ ਹਾਂ ਕਿ ਜੇਲ੍ਹਾਂ ਅੰਦਰ ਉਨ੍ਹਾਂ ਦਾ ਆਚਰਣ ਡੇਰਾ ਸਾਧ ਤੋਂ ਵੀ ਕਈ ਗੁਣਾ ਜਿਆਦਾ ਚੰਗਾ ਹੈ, ਦੇ ਬਾਵਜੂਦ ਉਨ੍ਹਾਂ ਨੂੰ ਅਖੋਂ ਪਰੋਖੇ ਕਿਉਂ ਕੀਤਾ ਜਾਂਦਾ ਹੈ ਜਦਕਿ ਓਹ ਤਾਂ ਆਪਣੀ ਬਣਦੀ ਸਜ਼ਾ ਤੋਂ ਵੀ ਵੱਧ ਜੇਲ੍ਹ ਕੱਟ ਚੁੱਕੇ ਹਨ । ਬੰਦੀ ਸਿੰਘਾਂ ਨਾਲ ਕੀਤੇ ਜਾ ਰਹੇ ਭੇਦਭਾਵ ਕਰਕੇ ਸਾਨੂੰ ਡੇਰਾ ਸਾਧ ਵਿਰੁੱਧ ਸੁਪਰੀਮ ਕੋਰਟ ਵਿਚ ਜਾਣਾ ਪੈ ਰਿਹਾ ਹੈ ਤੇ ਅਸੀਂ ਓਸ ਨੂੰ ਬਾਰ ਬਾਰ ਦਿੱਤੀ ਜਾਂਦੀਆਂ ਰਿਹਾਈਆਂ ਨੂੰ ਚੈਲੇਂਜ ਕਰਕੇ ਬੰਦੀ ਸਿੰਘਾਂ ਦੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਕਰਨੀ ਪਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਲੁਧਿਆਣਾ 'ਚ 100 ਸਾਲ ਪੁਰਾਣੀ ਇਮਾਰਤ ਡਿੱਗੀ, ਮੱਚ ਗਈ ਤਰਥੱਲੀ, ਗੋਦੀ 'ਚ ਬੱਚੇ ਨੂੰ ਲੈ ਮਾਂ ਨੇ ਇੰਝ ਬਚਾਈ ਜਾਨ



**ਲੁਧਿਆਣਾ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਲੁਧਿਆਣਾ 'ਚ ਮੰਗਲਵਾਰ ਨੂੰ ਉਸ ਸਮੇਂ ਹਫੜਾ-ਦਫੜੀ ਮਚ ਗਈ ਜਦੋਂ ਇਲਾਕੇ ਦੀ 100 ਸਾਲ ਪੁਰਾਣੀ ਇਮਾਰਤ ਢਹਿ ਗਈ। ਲੁਧਿਆਣਾ ਦੇ ਚੌਂਦਾ ਬਾਜ਼ਾਰ ਦੇ ਬੰਦਿਆ ਮੁਹੱਲਾ ਇਲਾਕੇ ਵਿੱਚ ਦੁਪਹਿਰ ਸਮੇਂ 100 ਸਾਲ ਪੁਰਾਣੀ ਖੰਡਰ ਇਮਾਰਤ ਅਚਾਨਕ ਢਹਿ ਗਈ। ਮਲਬੇ ਹੇਠ ਦੱਬੇ ਇਕ ਔਰਤ ਅਤੇ ਉਸ ਦਾ ਛੋਟਾ ਬੱਚਾ ਜ਼ਖਮੀ ਹੋ ਗਏ। ਦੱਸਿਆ ਜਾ ਰਿਹਾ ਹੈ ਕਿ ਉਕਤ ਇਮਾਰਤ ਕਰੀਬ 100 ਸਾਲ ਪੁਰਾਣੀ ਹੈ ਅਤੇ ਪਿਛਲੇ ਕੁਝ ਸਮੇਂ ਤੋਂ ਇਸ ਦੀ ਹਾਲਤ ਕਾਫੀ ਖਰਾਬ ਸੀ। ਹੈਰਾਨੀ ਦੀ ਗੱਲ ਇਹ ਹੈ ਕਿ ਉਕਤ ਇਮਾਰਤ ਕੋਲੋਂ ਰੋਜ਼ਾਨਾ ਕਈ ਲੋਕ ਲੰਘਦੇ ਹਨ। ਜੇਕਰ ਭੀੜ-ਭੜੱਕੇ ਦੌਰਾਨ ਇਮਾਰਤ ਢਹਿ ਜਾਂਦੀ ਤਾਂ ਵੱਡਾ ਹਾਦਸਾ ਵਾਪਰ ਸਕਦਾ ਸੀ। ਗੁਆਂਢੀਆਂ ਨੇ ਦੋਸ਼ ਲਾਇਆ ਕਿ ਇਸ ਸਬੰਧੀ ਬਿਲਡਿੰਗ ਮਾਲਕ ਨੂੰ ਕਈ ਵਾਰ ਜਾਣੂ ਕਰਵਾਇਆ ਗਿਆ ਪਰ ਉਸ ਨੇ ਕੋਈ ਧਿਆਨ ਨਹੀਂ ਦਿੱਤਾ। ਇਸ ਹਾਦਸੇ 'ਚ ਗੁਆਂਢ 'ਚ ਰਹਿਣ ਵਾਲੀ ਖੁਸ਼ੀ ਅਰੋੜਾ ਗੰਭੀਰ ਜ਼ਖਮੀ ਹੋ ਗਈ, ਜਦਕਿ ਉਸ ਦੇ ਬੱਚੇ ਨੂੰ ਵੀ ਗੰਭੀਰ ਸੱਟਾਂ ਲੱਗੀਆਂ ਹਨ। ਵਾਇਰਲ ਵੀਡੀਓ ਦੇ ਵਿੱਚ ਦੇਖ ਸਕਦੇ ਹੋ ਕਿਵੇਂ ਔਰਤ ਆਪਣੇ ਬੱਚੇ ਨੂੰ ਗੋਦੀ ਲੈ ਕੇ ਦੌੜੀ ਭਾਵੇਂ ਉਹ ਮਲਬੇ ਦੀ ਕੁੱਝ ਲਪੇਟ ਵਿੱਚ ਆ ਗਈ ਸੀ, ਪਰ ਫਿਰ ਔਰਤ ਵੱਲੋਂ ਭੱਜਣ ਵਾਲੇ ਫੈਸਲੇ ਕਰਕੇ ਕਾਫੀ ਹੱਦ ਤੱਕ ਬਚਾਅ ਹੋ ਗਿਆ। ਸੂਚਨਾ ਮਿਲਦੇ ਹੀ ਥਾਣਾ ਡਿਵੀਜ਼ਨ ਨੰਬਰ 4 ਦੀ ਪੁਲਿਸ ਮੌਕੇ 'ਤੇ ਪੁੱਜ ਗਈ। ਪੁਲਿਸ ਨੇ ਤੁਰੰਤ ਵਰਕਰਾਂ ਨੂੰ ਬੁਲਾ ਕੇ ਮਲਬਾ ਹਟਾਉਣ ਦਾ ਕੰਮ ਸ਼ੁਰੂ ਕਰ ਦਿੱਤਾ। ਖਦਸ਼ਾ ਜਤਾਇਆ ਜਾ ਰਿਹਾ ਹੈ ਕਿ ਇਮਾਰਤ ਦੇ ਮਲਬੇ ਹੇਠਾਂ ਦੋਪਹੀਆ ਵਾਹਨ ਵੀ ਦੱਬੇ ਹੋਏ ਹੋ ਸਕਦੇ ਹਨ। ਬਾਕੀ ਬਿਲਡਿੰਗ ਮਾਲਕ ਅਜੇ ਤੱਕ ਮੌਕੇ 'ਤੇ ਨਹੀਂ ਪਹੁੰਚੇ, ਜਾਂਚ ਜਾਰੀ ਹੈ। ਇਮਾਰਤ ਦੇ ਗੁਆਂਢ ਵਿੱਚ ਰਹਿਣ ਵਾਲੇ ਪ੍ਰਿੰਸ ਕੁਮਾਰ ਨੇ ਦੱਸਿਆ ਕਿ ਉਹ ਬੰਦਿਆ ਮੁਹੱਲੇ ਵਿੱਚ ਰਹਿੰਦਾ ਹੈ। ਗੁਆਂਢੀਆਂ ਦੀ ਇਮਾਰਤ ਕਾਫੀ ਸਮੇਂ ਤੋਂ ਖਸਤਾ ਹਾਲਤ ਵਿੱਚ ਸੀ। ਉਨ੍ਹਾਂ ਨੂੰ ਕਈ ਵਾਰ ਸ਼ਿਕਾਇਤ ਕੀਤੀ ਪਰ ਕਿਸੇ ਨੇ ਧਿਆਨ ਨਹੀਂ ਦਿੱਤਾ। ਮੰਗਲਵਾਰ ਨੂੰ ਉਸ ਦੀ ਪਤਨੀ ਖੁਸ਼ੀ ਅਤੇ ਬੇਟਾ ਘਰ 'ਚ ਮੌਜੂਦ ਸਨ। ਇਮਾਰਤ ਡਿੱਗਦੇ ਹੀ ਉਸ ਦੇ ਘਰ ਦੀ ਕੰਧ ਵੀ ਟੁੱਟ ਗਈ। ਬਹੁਤ ਸਾਰਾ ਮਲਬਾ ਉਸ ਦੇ ਘਰ ਵਿੱਚ ਆ ਗਿਆ। ਇਮਾਰਤ ਡਿੱਗਣ ਕਾਰਨ ਖੁਸ਼ੀ ਦੇ ਸਿਰ 'ਤੇ ਇੱਟ ਡਿੱਗਣ ਕਾਰਨ ਉਸ ਦੇ ਸਿਰ 'ਤੇ ਸੱਟ ਲੱਗ ਗਈ। ਇਸ ਦੇ ਨਾਲ ਹੀ ਡੇਢ ਸਾਲ ਦਾ ਬੱਚਾ ਵੀ ਜ਼ਖਮੀ ਹੋ ਗਿਆ। ਪਤਨੀ ਅਤੇ ਬੱਚੇ ਨੂੰ ਤੁਰੰਤ ਨਿੱਜੀ ਹਸਪਤਾਲ ਲਿਜਾਇਆ ਗਿਆ। ਇਮਾਰਤ ਦੇ ਮਾਲਕ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਹੈ। ਜ਼ਖ਼ਮੀ ਖੁਸ਼ੀ ਅਰੋੜਾ ਨੇ ਦੱਸਿਆ ਕਿ ਉਹ ਪਿਛਲੇ ਦੋ ਸਾਲਾਂ ਤੋਂ ਨਵੇਂ ਮਕਾਨ ਵਿੱਚ ਰਹਿ ਰਹੀ ਹੈ। ਸੋਮਵਾਰ ਦੇਰ ਰਾਤ ਤੋਂ ਗੁਆਂਢੀਆਂ ਦੀ ਬਿਲਡਿੰਗ ਵਿੱਚ ਅਜੀਬ ਹਲਚਲ ਸੀ। ਉਨ੍ਹਾਂ ਨੇ ਇਸ ਦੇ ਮਾਲਕ ਨੂੰ ਸੂਚਿਤ ਕੀਤਾ ਸੀ, ਪਰ ਉਸ ਨੇ ਉਸ ਨੂੰ ਕੁਝ ਸਮੇਂ ਅੰਦਰ ਆਉਣ ਲਈ ਕਿਹਾ ਸੀ, ਪਰ ਉਹ ਨਹੀਂ ਆਇਆ ਅਤੇ ਮੰਗਲਵਾਰ ਨੂੰ ਇਮਾਰਤ ਡਿੱਗ ਗਈ। ਪੁਲਿਸ ਦਾ ਕਹਿਣਾ ਹੈ ਕਿ ਜਾਂਚ ਕੀਤੀ ਜਾਵੇਗੀ ਅਤੇ ਜੇਕਰ ਕੋਈ ਦੋਸ਼ੀ ਪਾਇਆ ਗਿਆ ਤਾਂ ਬਣਦੀ ਕਾਰਵਾਈ ਜ਼ਰੂਰ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਚੌਥੇ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਸਮਾਗਮਾਂ ਸਬੰਧੀ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ ਤੇ ਅਧਿਕਾਰੀਆਂ ਵੱਲੋਂ ਹੋਟਲ ਮਾਲਕਾਂ ਨਾਲ ਇਕੱਤਰਤਾ



**ਅੰਮ੍ਰਿਤਸਰ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ 19 ਅਕਤੂਬਰ ਨੂੰ ਮਨਾਏ ਜਾ ਰਹੇ ਪ੍ਰਕਾਸ਼ ਪੁਰਬ ਮੌਕੇ ਸੰਗਤ ਦੀ ਰਿਹਾਇਸ਼ ਦੇ ਪ੍ਰਬੰਧਾਂ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਅਤੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਨੇ ਅੰਮ੍ਰਿਤਸਰ ਸਥਿਤ ਹੋਟਲ ਮਾਲਕਾਂ ਨਾਲ ਇਕੱਤਰਤਾ ਕੀਤੀ, ਜਿਸ ਦੌਰਾਨ ਹੋਟਲ ਮਾਲਕਾਂ ਨੇ ਵਿਸ਼ਵਾਸ ਦਿਵਾਇਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪ੍ਰਕਾਸ਼ ਪੁਰਬ ਮੌਕੇ ਸੰਗਤਾਂ ਦੇ ਰਹਿਣ ਲਈ ਵੱਧ ਤੋਂ ਵੱਧ ਕਮਰੇ ਸ਼੍ਰੋਮਣੀ ਕਮੇਟੀ ਨੂੰ ਮਹੱਈਆ ਕਰਵਾਏ ਜਾਣਗੇ। ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਨੇ ਇਕੱਤਰਤਾ ਮੌਕੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਹਰ ਸਾਲ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਡੀ ਗਿਣਤੀ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੁੰਦੀਆਂ ਹਨ, ਜਿਨ੍ਹਾਂ ਦੇ ਰਹਿਣ ਲਈ ਹੋਟਲ ਮਾਲਕਾਂ ਵੱਲੋਂ ਦਿੱਤਾ ਜਾਂਦਾ ਸਹਿਯੋਗ ਸ਼ਲਾਘਾਯੋਗ ਹੈ। ਉਨ੍ਹਾਂ ਹੋਟਲ ਮਾਲਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਇਕ ਚੰਗਾ ਉੱਦਮ ਹੈ ਅਤੇ ਆਸ ਕਰਦੇ ਹਾਂ ਕਿ ਇਸ ਦੀ ਨਿਰੰਤਰਤਾ ਬਣੀ ਰਹੇਗੀ। ਭਾਈ ਮਹਿਤਾ ਨੇ ਹੋਟਲਾਂ ਐਸੋਸੀਏਸ਼ਨ ਦੇ ਨੁਮਾਇੰਦਿਆਂ ਅਤੇ ਸੰਗਤਾਂ ਨੂੰ ਪ੍ਰਕਾਸ਼ ਪੁਰਬ ਸਬੰਧੀ 18 ਅਕਤੂਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਏ ਜਾ ਰਹੇ ਨਗਰ ਕੀਰਤਨ ਅਤੇ ਹੋ ਰਹੇ ਸਮਾਗਮਾਂ ਵਿਚ ਸ਼ਮੂਲੀਅਤ ਕਰਨ ਦੇ ਨਾਲ-ਨਾਲ ਨਗਰ ਕੀਰਤਨ ਦੇ ਰਸਤੇ ਵਿਚ ਸਵਾਗਤ ਲਈ ਵੀ ਅਪੀਲ ਕੀਤੀ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਨੇ ਵੀ ਹੋਟਲ ਮਾਲਕਾਂ ਵੱਲੋਂ ਦਿੱਤੇ ਜਾਂਦੇ ਸਹਿਯੋਗ ਲਈ ਧੰਨਵਾਦ ਕੀਤਾ। ਇਸ ਮੌਕੇ ਅੰਮ੍ਰਿਤਸਰ ਹੋਟਲ ਅਤੇ ਗੈਸਟ ਹਾਊਸ ਐਸੋਸੀਏਸ਼ਨ ਦੇ ਚੇਅਰਮੈਨ ਸ. ਹਰਿੰਦਰ ਸਿੰਘ ਤੇ ਪ੍ਰਧਾਨ ਸ. ਸੁਰਿੰਦਰ ਸਿੰਘ ਨੇ ਹੋਟਲ ਮਾਲਕਾਂ ਵੱਲੋਂ ਵਿਸ਼ਵਾਸ ਦਿਵਾਇਆ ਕਿ ਹੋਟਲਾਂ ਵਿਚ ਸੰਗਤਾਂ ਲਈ ਸ਼੍ਰੋਮਣੀ ਕਮੇਟੀ ਨੂੰ ਦਿੱਤੇ ਜਾਣ ਵਾਲੇ ਮੁਫ਼ਤ ਕਮਰਿਆਂ ਤੋਂ ਇਲਾਵਾ ਅਸੀਂ ਸੰਗਤਾਂ ਦੀ ਸਹੂਲਤ ਲਈ ਹਰ ਤਰ੍ਹਾਂ ਵਚਨਬਧ ਹਾਂ ਅਤੇ ਰਹਾਂਗੇ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸ. ਗੁਰਪ੍ਰੀਤ ਸਿੰਘ ਤੋਂ ਇਲਾਵਾ ਇਕੱਤਰਤਾ 'ਚ ਪੁੱਜੇ ਹੋਟਲਾਂ ਮਾਲਕਾਂ ਵਿਚ ਸ. ਸੁਪਿੰਦਰ ਸਿੰਘ, ਸ. ਹਰਿੰਦਰ ਸਿੰਘ, ਸ. ਸੁਖਵਿੰਦਰ ਸਿੰਘ ਲਾਡੀ, ਸ. ਕੇਐਸ ਖੁਰਾਣਾ, ਸ. ਕੰਵਲਜੀਤ ਸਿੰਘ, ਸ. ਗੁਰਪ੍ਰੀਤ ਸਿੰਘ ਸਭਰਵਾਲ, ਸ. ਸੁਖਦੇਵ ਸਿੰਘ ਸਾਹਨੀ, ਸ. ਜਤਿੰਦਰਪਾਲ ਸਿੰਘ, ਸ. ਸਰਜੋਤ ਸਿੰਘ ਸਾਹਨੀ, ਸ. ਬੀਰਇੰਦਰ ਸਿੰਘ, ਸ. ਸੁਰਿੰਦਰ ਸਿੰਘ, ਸ੍ਰੀ ਜਤਿਨ ਸੇਠ, ਸ. ਭੁਪਿੰਦਰਪਾਲ ਸਿੰਘ, ਸ. ਜਗਜੀਤ ਸਿੰਘ ਖਾਲਸਾ, ਸ੍ਰੀ ਰਾਜੀਵ ਗੁਪਤਾ, ਸ. ਹਰਦੀਪ ਸਿੰਘ, ਸ. ਰਣਜੀਤ ਸਿੰਘ ਸਚਦੇਵਾ ਸਮੇਤ ਵੱਖ-ਵੱਖ ਹੋਟਲਾਂ ਦੇ ਨੁਮਾਇੰਦੇ ਸ਼ਾਮਲ ਸਨ।

# ਅਖਿਲ ਭਾਰਤੀਆ ਅਗਰਵਾਲ ਸੰਮੇਲਨ ਫ਼ਿਰੋਜ਼ਪੁਰ ਵਿਖੇ 3 ਨੂੰ



ਫ਼ਿਰੋਜ਼ਪੁਰ, 2 ਅਕਤੂਬਰ (ਮਨੋਹਰ ਲਾਲ) :— ਅਖਿਲ ਭਾਰਤੀਆਂ ਅਗਰਵਾਲ ਸੰਮੇਲਨ ਫ਼ਿਰੋਜ਼ਪੁਰ ਛਾਉਣੀ ਵੱਲੋਂ ਭਗਵਾਨ ਸ੍ਰੀ ਅਗਰਸੇਨ ਜੀ ਦਾ 5178ਵਾਂ ਜਨਮ ਦਿਹਾੜਾ 3 ਅਕਤੂਬਰ ਨੂੰ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅਖਿਲ ਭਾਰਤੀਆਂ ਅਗਰਵਾਲ ਸੰਮੇਲਨ ਫ਼ਿਰੋਜ਼ਪੁਰ ਛਾਉਣੀ ਦੇ ਪ੍ਰਧਾਨ ਅਸ਼ੋਕ ਗੁਪਤਾ ਨੇ ਦੱਸਿਆ ਕਿ ਭਗਵਾਨ ਸ੍ਰੀ ਅਗਰਸੇਨ ਜੀ ਦੇ 5178ਵੇਂ ਜਨਮ ਦਿਹਾੜੇ ਤੇ ਮਹਾਰਾਜਾ ਅਗਰਸੇਨ ਜੀ ਦੀ ਵਿਸ਼ਾਲ ਸ਼ੋਭਾ ਯਾਤਰਾ ਬੜੀ ਧੂਮ—ਧਾਮ ਨਾਲ ਕੱਢੀ ਜਾਵੇਗੀ। ਗੱਲਬਾਤ ਕਰਦਿਆਂ ਪ੍ਰਧਾਨ ਅਸ਼ੋਕ ਗੁਪਤਾ ਨੇ ਦੱਸਿਆ ਕਿ ਇਹ ਸ਼ੋਭਾ ਯਾਤਰਾ ਫ਼ਿਰੋਜ਼ਪੁਰ ਛਾਉਣੀ ਦੇ ਸ੍ਰੀ ਨੰਨੇ ਰਾਮ ਜੀ ਦੇ ਮੰਦਰ ਤੋਂ ਸ਼ੁਰੂ ਹੋ ਕੇ ਛਾਉਣੀ ਦੇ ਬਾਜ਼ਾਰਾਂ ਵਿੱਚੋਂ ਕੱਢਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਸ਼ੋਭਾ ਯਾਤਰਾ ਦੇ ਮੁੱਖ ਮਹਿਮਾਨ ਵਰਿੰਦਰ ਮੋਹਨ ਸਿੰਘਲ ਚੇਅਰਮੈਨ ਜੈਨੇਸਿਸ ਡੈਂਟਲ ਕਾਲਜ, ਸੁਰਿੰਦਰ ਅਗਰਵਾਲ ਸੂਬਾ ਪ੍ਰਧਾਨ ਅਖਿਲ ਭਾਰਤੀਆਂ ਅਗਰਵਾਲ ਸੰਮੇਲਨ ਪੰਜਾਬ ਹਾਜ਼ਰ ਹੋਣਗੇ। ਇਸ ਮੌਕੇ ਸਮੀਰ ਮਿੱਤਲ ਐਮ.ਡੀ.ਬੀ. ਐਲ.ਵੀ., ਅਨਰੁਧ ਗੁਪਤਾ ਸੀ.ਈ.ਓ ਡੀ.ਸੀ.ਐਮ ਗਰੁੱਪ ਆਫ ਸਕੂਲਜ਼, ਰਮਨ ਗਰਗ ਛਬੀਲਾ ਐਨਰਜੀ ਫੂਡ, ਬ੍ਰਿਜ ਭੂਸ਼ਣ ਮਿੱਤਲ, ਨਰੇਸ਼ ਗਰਗ, ਗੋਪਾਲ ਮੰਗਲ, ਧਰਮਪਾਲ ਬਾਂਸਲ ਡਾਇਰੈਕਟਰ ਐਸ.ਬੀ.ਐਸ ਨਰਸਿੰਗ ਕਾਲਜ, ਪਵਨ ਮਿੱਤਲ, ਪਵਨ ਗਰਗ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਹੋਣਗੇ।

# ਸ਼ਹੀਦੇ ਆਜਮ ਸਰਦਾਰ ਭਗਤ ਸਿੰਘ ਦਾ ਮਨਾਇਆ ਜਨਮ ਦਿਹਾੜਾ

ਫ਼ਿਰੋਜ਼ਪੁਰ, 2 ਅਕਤੂਬਰ (ਮਨੋਹਰ ਲਾਲ):— ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਮਹਿਤਾ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੀਆਂ ਕਵਿਤਾਵਾਂ ਕਵੀਸ਼ਰੀ ਗਾਇਨ ਕੀਤੀ ਗਈ ਅਤੇ ਇਸ ਮੌਕੇ ਅਧਿਆਪਕ ਸਾਹਿਬਾਨਾਂ ਵੱਲੋਂ ਸ਼ਹੀਦੇ ਆਜਮ ਸਰਦਾਰ ਭਗਤ ਸਿੰਘ ਦੇ ਜੀਵਨ ਬਾਰੇ ਬੱਚਿਆਂ ਨਾਲ ਸਾਂਝ ਪਾਈ ਗਈ ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਬੱਚਿਆਂ ਨੂੰ ਸ਼ਹੀਦੇ ਆਜਮ ਸਰਦਾਰ ਭਗਤ ਸਿੰਘ ਜੀ ਦੇ ਜੀਵਨ ਬਾਰੇ ਦੱਸਿਆ ਅਤੇ ਉਹਨਾਂ ਦੇ ਜਨਮ ਦਿਨ ਤੇ ਮੁਬਾਰਕਬਾਦ ਦਿੱਤੀ ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।




# ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ ਮਨਾਇਆ ਗਾਂਧੀ ਤੇ ਲਾਲ ਬਹਾਦਰ ਸਾਸ਼ਤਰੀ ਦਾ ਜਨਮ ਦਿਹਾੜਾ

ਫ਼ਿਰੋਜ਼ਪੁਰ, 2 ਅਕਤੂਬਰ (ਮਨੋਹਰ ਲਾਲ) :— ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ ਅੱਜ ਗਾਂਧੀ ਗਾਰਡਨ ਫ਼ਿਰੋਜ਼ਪੁਰ ਛਾਉਣੀ ਵਿਖੇ ਡਾਕਟਰ ਦੀਵਾਨ ਚੰਦ ਸੁਖੀਜਾ ਚੇਅਰਮੈਨ ਦੀ ਅਗਵਾਈ ਹੇਠ ਮਹਾਤਮਾ ਗਾਂਧੀ ਅਤੇ ਲਾਲ ਬਹਾਦਰ ਸਾਸ਼ਤਰੀ ਦਾ ਜਨਮ ਦਿਨ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸੁਸਾਇਟੀ ਦੇ ਮੁੱਖ ਅਹੁਦੇਦਾਰ ਸ੍ਰੀ ਸਤੀਸ਼ ਵਧਵਾ, ਰਿਪਨ ਧਵਨ, ਸਤਪਾਲ ਖੁਰਾਣਾ ਅਤੇ ਸ਼ਾਮ ਬਿਹਾਰੀ ਵਿਸ਼ੇਸ਼ ਤੌਰ ਤੇ ਪੁੱਜੇ। ਸੁਸਾਇਟੀ ਵੱਲੋਂ ਸਭ ਨੂੰ ਲੱਡੂ ਵੰਡੇ ਗਏ। ਇਸ ਮੌਕੇ ਸ੍ਰੀ ਸੁਖੀਜਾ ਨੇ ਸਭਨਾਂ ਨੂੰ ਬੇਨਤੀ ਕੀਤੀ ਕਿ ਦੇਸ਼ ਨੂੰ ਤਰੱਕੀ ਤੇ ਲਿਜਾਣ ਲਈ ਗਾਂਧੀ ਅਤੇ ਲਾਲ ਬਹਾਦਰ ਸਾਸ਼ਤਰੀ ਦੇ ਦਸੇ ਅਨੁਸਾਰ ਕੰਮ ਕੀਤੇ ਜਾਣ।



# ਹਲਕੇ ਦਾ ਸਰਬਪੱਖੀ ਵਿਕਾਸ ਨੂੰ ਪਹਿਲ ਦੇਵਾਂਗੇ : ਚੇਅਰਮੈਨ ਘੁੱਲੀ



**ਧੂਰੀ (ਰਣਜੀਤ ਸਿੰਘ ਪੇਧਨੀ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਦਫਤਰ ਨਵੇਂ ਨਿਯੁੱਕਤ ਕੀਤੇ ਇੰਨਚਾਰਜ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਧੂਰੀ ਦੇ ਸਰਬਪੱਖੀ ਵਿਕਾਸ ਨੂੰ ਪਹਿਲ ਦਿੰਦੇ ਹੋਏ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਤੇਜੀ ਨਾਲ ਕਰਵਾਇਆ ਜਾਵੇਗਾ ਤੇ ਸ਼ਹਿਰ ਤੇ ਪਿੰਡਾ ਦੀਆਂ ਸੜਕਾਂ ਮੰਡੀ ਦੇ ਸੀਜਨ ਸ਼ੁਰੂ ਹੋਣ ਤੋਂ ਪਹਿਲਾਂ ਪਹਿਲਾਂ ਬਣਾ ਦਿੱਤੀਆਂ ਜਾਣਗੀਆਂ। ਉਨ੍ਹਾਂ ਕਿਹਾ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਕਿਸਮ ਦੀ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ ਪਰ ਕਿਸਾਨ ਮੰਡੀਆ ਵਿੱਚ ਆਉਣ ਤੋਂ ਪਹਿਲਾਂ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਕਰਨ। ਉਨ੍ਹਾਂ ਕਿਹਾ ਉਹ ਜਲਦੀ ਧੂਰੀ ਦੇ ਸਾਰੇ ਪਿੰਡਾਂ ਤੇ ਸਹਿਰ ਦੇ ਵਾਰਡਾਂ ਦਾ ਦੋਰਾ ਕਰਨਗੇ ਤਾਂ ਜ਼ੋ ਲੋਕਾਂ ਦੀਆਂ ਸਮੱਸਿਆਂਵਾਂ ਦਾ ਹੱਲ ਜਲਦੀ ਹੋ ਸਕੇ। ਉਨ੍ਹਾਂ ਕਿਹਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਸੁਪਨਾ ਸੀ ਕਿ ਉਸ ਦੇ ਹਲਕੇ ਦੇ ਸਰਕਾਰੀ ਕੰਮਾਂ ਤੋਂ ਸਤੁੰਸ਼ਟ ਹੋਣ ਇਸ ਕੜੀ ਤਹਿਤ ਘਰ ਘਰ ਲੋਕਾਂ ਤੱਕ ਪਹੁੰਚ ਕੀਤੀ ਜਾਵੇਗੀ। ਉਨ੍ਹਾਂ ਕਿਹਾ ਸਰਕਾਰੀ ਦਫ਼ਤਰਾਂ ਵਿੱਚ ਲੋਕਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ ਲੋਕਾਂ ਦੇ ਕੰਮ ਪਹਿਲ ਦੇ ਆਧਾਰ ਤੇ ਕਰਵਾਏ ਜਾਣਗੇ।

# ਐਕਸਾਈਜ਼ ਵਿਭਾਗ ਵੱਲੋਂ ਧੂਰੀ ਅੰਦਰ ਸ਼ਰਾਬ ਦੇ ਠੇਕਿਆਂ ਦੀ ਕੀਤੀ ਚੈਕਿੰਗ

**ਧੂਰੀ (ਰਣਜੀਤ ਸਿੰਘ ਪੇਧਨੀ)**-ਪੰਜਾਬ ਅਰਪਿੰਦਰ ਰੰਧਾਵਾ ਐਕਸਾਈਜ਼ ਅਫਸਰ ਸੰਗਰੂਰ, ਸਤਗੁਰ ਸਿੰਘ ਐਕਸਾਈਜ਼ ਇੰਸਪੈਕਟਰ, ਦਲਜੀਤ ਸਿੰਘ ਐਕਸਾਈਜ਼ ਇੰਸਪੈਕਟਰ, ਤੇ ਪੁਲਿਸ ਅਮਲਾ ਵੱਲੋਂ 2 ਅਕਤੂਬਰ ਦੇ ਮੱਦੇਨਜ਼ਰ ਧੂਰੀ ਸ਼ਹਿਰ ਅੰਦਰ ਪੈਂਦੇ ਸ਼ਰਾਬ ਦੇ ਠੇਕਿਆਂ ਦੀ ਅਚਨਚੇਤ ਚੈਕਿੰਗ ਕੀਤੀ। ਇਸ ਮੌਕੇ ਅਧਿਕਾਰੀਆਂ ਨੇ ਕਿਹਾ ਧੂਰੀ ਸ਼ਹਿਰ ਅੰਦਰ ਕੁਝ ਵੀ ਗਲਤ ਨਹੀਂ ਪਾਇਆ ਗਿਆ ਸਾਰੀਆਂ ਸ਼ਰਾਬ ਦੀਆਂ ਦੁਕਾਨਾਂ ਸਰਕਾਰੀ ਹੁਕਮਾਂ ਅਨੁਸਾਰ ਬੰਦ ਹਨ ਤੇ ਮਿੱਥੇ ਸਮੇਂ ਤੇ ਹੀ ਖੁਲਣ ਗਿਆ ਅਗਰ ਕਿਸੇ ਵੀ ਸ਼ਰਾਬ ਠੇਕੇਦਾਰ ਨੇ ਕਾਨੂੰਨ ਦੀ ਉਲੰਘਣਾ ਕੀਤੀ ਤਾਂ ਉਸ ਵਿਰੁੱਧ ਵਿਭਾਗੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਅੱਗ ਬੁਝਾਊ ਵਿਭਾਗ ਵੱਲੋਂ ਪੈਲੇਸ ਮਾਲਕਾਂ ਲਈ ਨਵੀਆਂ ਹਦਾਇਤਾਂ ਜਾਰੀ

## ਨਵੇ ਹੁਕਮਾਂ ਵਾਰੇ ਉੱਚ ਅਧਿਕਾਰੀਆਂ ਨੂੰ ਵੀ ਜਾਣੂ ਕਰਵਾਇਆ ਗਿਆ ਹੈ – ਅੱਗ ਬੁਝਾਊ ਅਫਸਰ

**ਧੂਰੀ (ਰਣਜੀਤ ਸਿੰਘ ਪੇਧਨੀ)**-ਜਿਲੇ ਦੇ ਇੱਕ ਪੈਲੇਸ ਵਿੱਚ ਲੱਗੀ ਅਚਾਨਕ ਅੱਗ ਵਿਚ ਭਾਵੇ ਜਾਨੀ ਮਾਲੀ ਨੁਕਸਾਨ ਹੋਣ ਤੋਂ ਬੱਚਤ ਰਹਿ ਗਈ ਸੀ ਪਰ ਭਵਿੱਖ ਵਿੱਚ ਇਨ੍ਹਾਂ ਪੈਲੈਸਾ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਜ਼ਿਲ੍ਹਾ ( ਫਾਇਰ ਬ੍ਰਿਗੇਡ) ਅੱਗ ਬੁਝਾਊ ਵਿਭਾਗ ਵੱਲੋਂ ਪੈਲੇਸਾ ਲਈ ਨਵੀਆਂ ਹਦਾਇਤਾਂ ਜਾਰੀ ਕਰ ਦਿੱਤੀਆਂ ਹਨ ਅਗਰ ਪੈਲੇਸ ਮਾਲਕ ਇਨ੍ਹਾਂ ਹਦਾਇਤਾਂ ਦੀ ਪਾਲਣਾ ਨਹੀ ਕਰਦੇ ਤਾਂ ਉਨ੍ਹਾਂ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਸਕਦੀ ਹੈ। ਇਸ ਸੰਬੰਧੀ ਜ਼ਿਲਾ ਅੱਗ ਬੁਝਾਊ ਅਫਸਰ ਹਰਜਿੰਦਰਪਾਲ ਸਿੰਘ ਨੇ ਪੰਜਾਬੀ ਟ੍ਰਿਬਿਊਨ ਦੇ ਇਸ ਪ੍ਰਤੀਨਿਧ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜਿਲੇ ਦੇ ਸਾਰੇ ਨਿੱਜੀ ਪੈਲੇਸਾ ਨੂੰ ਪੱਤਰ ਲਿਖ ਕੇ ਨਵੀਆਂ ਹਦਾਇਤਾਂ ਤੋਂ ਜਾਣੂ ਕਰਵਾਇਆ ਗਿਆ ਜਿਸ ਵਿੱਚ ਪੈਲੇਸ ਦਾ ਨਕਸ਼ਾ ਪਾਸ ਹੋਣਾ ਚਾਹੀਦਾ ਤੇ ਪੈਲੇਸ ਵਿੱਚ ਅੱਗ ਬੁਝਾਊ ਸਟਾਫ, ਅੱਗ ਬੁਝਾਊ ਯੰਤਰਾਂ ਲਈ ਢੁਕਵੀਆਂ ਤੇ ਖੁਲੀਆਂ ਥਾਵਾਂ, ਅੱਗ ਬੁਝਾਊ ਯੰਤਰਾਂ ਨੂੰ ਰੋਜ਼ਾਨਾ ਚਲਾ ਕੇ ਵੇਖਣਾ, ਅੱਗ ਬੁਝਾਉ ਵਿਭਾਗ ਦੀਆਂ ਹਦਾਇਤਾਂ ਨੂੰ ਪੂਰੀਆਂ ਕਰਦਾ ਸਰਟੀਫਿਕੇਟ ਪੈਲੇਸ ਦੇ ਅੱਗੇ ਲਾਉਣਾ ਤੇ ਸਜਾਵਟੀ ਥਾਵਾਂ ਉੱਪਰ ਵਿਭਾਗ ਤੋਂ ਮਨਜ਼ੂਰੀ ਵਾਲੀਆਂ ਚੀਜ਼ਾਂ ਦੀ ਵਰਤੋ ਕੀਤੀ ਜਾਵੇ। ਉਨ੍ਹਾਂ ਕਿਹਾ ਵਿਭਾਗ ਦੇ ਅਧਿਕਾਰੀ ਜ਼ਿਲੇ ਦੇ ਸਾਰੇ ਪੈਲੇਸਾ ਦੀ ਅਚਨਚੇਤ ਚੈਕਿੰਗ ਕਰਕੇ ਅੱਗ ਬੁਝਾਊ ਯੰਤਰਾਂ ਦੀ ਚੈਕਿੰਗ ਕਰਿਆਂ ਕਰਨਗੇ ਅਗਰ ਕੁੱਝ ਗ.ਲਤ ਪਾਇਆ ਜਾਂਦਾ ਤਾਂ ਉਸ ਵਿਰੁੱਧ ਸਖਤ ਕਾਰਵਾਈ ਕਰਕੇ ਪੈਲੇਸ ਦਾ ਲਾਈਲੈਸ ਰੱਦ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੈਲੇਸਾ ਵਿੱਚ ਸੈਡ ਪਾਉਣ ਦੀ ਆਗਿਆ ਦੇਣਾ ਜਾਂ ਨਾਂ ਦੇਣਾ ਇਹ ਕੰਮ ਜ਼ਿਲ੍ਹਾ ਨਗਰ ਯੋਜਨਾਕਾਰ ਵਿਭਾਗ ਦੇ ਅਧਿਕਾਰੀਆਂ ਨੇ ਕਰਨਾ ਹੁੰਦਾ ਉਨ੍ਹਾਂ ਦਾ ਕੰਮ ਸਿਰਫ ਅੱਗ ਰੋਕੂ ਪ੍ਰਬੰਧਾਂ ਨੂੰ ਦੇਖਣਾ ਹੁੰਦਾ ਹੈ। ਉਨ੍ਹਾਂ ਕਿਹਾ ਇਨ੍ਹਾਂ ਨਵੀਆਂ ਹਦਾਇਤਾਂ ਵਾਰੇ ਉੱਚ ਅਧਿਕਾਰੀਆਂ ਨੂੰ ਵੀ ਜਾਣੂ ਕਰਵਾਇਆ ਗਿਆ ਹੈ।

# ਨੋਇਡਾ ਇੰਟਰਨੈਸ਼ਨਲ ਏਅਰਪੋਰਟ ਤੋਂ 30 ਨਵੰਬਰ ਤੋਂ ਸ਼ੁਰੂ ਹੋਵੇਗਾ ਟ੍ਰਾਇਲ

**ਨਵੀਂ ਦਿੱਲੀ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਨੋਇਡਾ ਇੰਟਰਨੈਸ਼ਨਲ ਏਅਰਪੋਰਟ ਦੀਆਂ ਉਡਾਣਾਂ ਨੂੰ ਲੈ ਕੇ ਇਕ ਵੱਡਾ ਅਪਡੇਟ ਸਾਹਮਣੇ ਆਇਆ ਹੈ। ਜਿਸ ਤਹਿਤ ਡਾਇਰੈਕਟੋਰੇਟ ਜਨਰਲ ਆਫ ਸਿਵਲ ਐਵੀਏਸ਼ਨ (ਡੀ.ਜੀ.ਸੀ.ਏ.) ਦੀ ਪ੍ਰਧਾਨਗੀ ਹੇਠ ਮੀਟਿੰਗ ਬੁਲਾਈ ਗਈ। ਇਸ ਮੀਟਿੰਗ ਵਿਚ ਵਪਾਰਕ ਉਡਾਣਾਂ ਸ਼ੁਰੂ ਹੋਣ ਤੋਂ ਪਹਿਲਾਂ ਫਲਾਈਟ ਲਿਸਟ ਅਤੇ ਜ਼ਰੂਰੀ ਨਾਨ ਇਤਰਾਜ਼ ਸਰਟੀਫਿਕੇਟ (ਐੱਨਓਸੀ) ਨੂੰ ਅੰਤਿਮ ਰੂਪ ਦੇਣ ਦੀ ਸਮਾਂ ਸੀਮਾ ਤੈਅ ਕੀਤੀ ਗਈ। 30 ਨਵੰਬਰ ਨੂੰ ਹਵਾਈ ਅੱਡੇ 'ਤੇ ਵਪਾਰਕ ਉਡਾਣਾਂ ਦਾ ਟ੍ਰਾਇਲ ਕੀਤਾ ਜਾਵੇਗਾ। ਏਅਰਪੋਰਟ ਅਥਾਰਟੀ ਆਫ ਇੰਡੀਆ ਆਕਾਸ਼ ਅਤੇ ਇੰਡੀਗੋ ਵਰਗੀਆਂ ਏਅਰਲਾਈਨਜ਼ ਇਸ ਟਰਾਇਲ ਵਿਚ ਸ਼ਾਮਲ ਹੋਣਗੀਆਂ। ਇਸ ਤੋਂ ਬਾਅਦ ਉਡਾਣਾਂ ਸ਼ੁਰੂ ਕੀਤੀਆਂ ਜਾਣਗੀਆਂ। ਦਰਅਸਲ, ਗ੍ਰੇਟਰ ਨੋਇਡਾ ਦੇ ਜੇਵਰ ਵਿਚ ਬਣਨ ਵਾਲੇ ਨੋਇਡਾ ਅੰਤਰਰਾਸ਼ਟਰੀ ਹਵਾਈ ਅੱਡੇ ਨੂੰ ਲੈ ਕੇ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ। ਇਸ ਹਵਾਈ ਅੱਡੇ ਦਾ ਉਦਘਾਟਨ ਪਹਿਲਾਂ 28 ਸਤੰਬਰ 2024 ਨੂੰ ਹੋਣਾ ਸੀ ਪਰ ਕੰਮ ਪੂਰਾ ਨਾ ਹੋਣ ਕਾਰਨ ਹੁਣ ਇਸ ਦੀ ਉਡਾਣ ਅਪ੍ਰੈਲ 2025 ਵਿਚ ਸ਼ੁਰੂ ਹੋ ਜਾਵੇਗੀ। ਜਿਸ ਕਾਰਨ ਇੱਥੇ ਰਨਵੇ ਦਾ ਕੰਮ ਲਗਪਗ ਮੁਕੰਮਲ ਹੋ ਗਿਆ ਹੈ। ਹੁਣ ਉਸ ਰਨਵੇਅ 'ਤੇ ਵਪਾਰਕ ਉਡਾਣਾਂ ਦਾ ਟ੍ਰਾਇਲ ਸ਼ੁਰੂ ਕੀਤਾ ਜਾਵੇਗਾ। ਟ੍ਰਾਇਲ ਸ਼ੁਰੂ ਹੋਣ ਤੋਂ ਬਾਅਦ ਬੋਰਡ ਰਿਪੋਰਟ ਦੇ ਆਧਾਰ 'ਤੇ ਅਗਲੀਆਂ ਉਡਾਣਾਂ ਬਾਰੇ ਫੈਸਲਾ ਕਰੇਗਾ। ਯਮੁਨਾ ਅਥਾਰਟੀ ਦੇ ਮੁੱਖ ਕਾਰਜਕਾਰੀ ਅਧਿਕਾਰੀ ਡਾ. ਅਰੁਣਵੀਰ ਸਿੰਘ ਨੇ ਦੱਸਿਆ ਕਿ ਮੀਟਿੰਗ ਵਿਚ ਫੈਸਲਾ ਕੀਤਾ ਗਿਆ ਹੈ ਕਿ ਵਪਾਰਕ ਉਡਾਣਾਂ ਦਾ ਟਰਾਇਲ 30 ਨਵੰਬਰ ਨੂੰ ਕੀਤਾ ਜਾਵੇਗਾ। ਏਅਰਪੋਰਟ ਅਥਾਰਟੀ ਆਫ ਇੰਡੀਆ ਆਕਾਸ਼ ਅਤੇ ਇੰਡੀਗੋ ਵਰਗੀਆਂ ਏਅਰਲਾਈਨਜ਼ ਇਸ ਟਰਾਇਲ ਵਿਚ ਸ਼ਾਮਲ ਹੋਣਗੀਆਂ। ਉਨ੍ਹਾਂ ਇਹ ਵੀ ਦੱਸਿਆ ਕਿ ਏਅਰਪੋਰਟ 'ਤੇ ਕੈਟਾਗਰੀ 1 ਅਤੇ ਕੈਟੇਗਰੀ 3 ਇੰਸਟਰੂਮੈਂਟ ਲੈਂਡਿੰਗ ਸਿਸਟਮ ਲਗਾਏ ਗਏ ਹਨ ਅਤੇ ਡੀਜੀਸੀਏ ਨੇ ਇਸ ਦੀ ਜਾਂਚ ਵੀ ਕੀਤੀ ਹੈ। ਸੀ. ਈ. ਓ. ਨੇ ਕਿਹਾ ਕਿ ਆਗਾਮੀ ਸ਼ਿਡਊਲ ਅਨੁਸਾਰ 4 ਤੋਂ 6 ਅਕਤੂਬਰ ਤੱਕ ILS ਦੀ ਕੈਲੀਬ੍ਰੇਸ਼ਨ ਕੀਤੀ ਜਾਵੇਗੀ ਅਤੇ ਇਸਦੀ ਰਿਪੋਰਟ 10 ਅਕਤੂਬਰ ਤੱਕ ਪੇਸ਼ ਕੀਤੀ ਜਾਵੇਗੀ। ਕੈਲੀਬ੍ਰੇਸ਼ਨ ਦਾ ਸਰਟੀਫਿਕੇਟ 15 ਅਕਤੂਬਰ ਤੱਕ ਜਾਰੀ ਕਰ ਦਿੱਤਾ ਜਾਵੇਗਾ। ਉਡਾਣਾਂ ਦੀ ਪ੍ਰਕਿਰਿਆ 15 ਨਵੰਬਰ ਤੱਕ ਡੀਜੀਸੀਏ ਨੂੰ ਦਿੱਤੀ ਜਾਵੇਗੀ ਅਤੇ ਡੀਜੀਸੀਏ 25 ਨਵੰਬਰ ਤੱਕ ਉਡਾਣਾਂ ਦੀ ਡਰਾਇੰਗ ਤਿਆਰ ਕਰੇਗਾ। 30 ਨਵੰਬਰ ਨੂੰ ਹੋਣ ਵਾਲੀ ਕਮਰਸ਼ੀਅਲ ਫਲਾਈਟ ਟਰਾਇਲ 'ਚ 1 ਤੋਂ 2 ਦਿਨ ਲੱਗ ਸਕਦੇ ਹਨ। ਇਸ ਤੋਂ ਬਾਅਦ ਦਸੰਬਰ 'ਚ ਏਅਰੋਡਰੋਮ ਲਾਇਸੈਂਸ ਲਈ ਅਰਜ਼ੀ ਦਿੱਤੀ ਜਾਵੇਗੀ, ਜਿਸ ਲਈ ਡੀਜੀਸੀਏ ਵੱਲੋਂ ਵੱਧ ਤੋਂ ਵੱਧ 90 ਦਿਨਾਂ ਵਿੱਚ ਲਾਇਸੈਂਸ ਜਾਰੀ ਕਰ ਦਿੱਤਾ ਜਾਵੇਗਾ, ਜਿਸ ਤੋਂ ਬਾਅਦ ਅਗਲੇ ਮਾਰਚ ਤੱਕ ਲਾਇਸੈਂਸ ਮਿਲਣ ਦੀ ਉਮੀਦ ਹੈ।